ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 14 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੮ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਅੰਮ੍ਰਿਤਸਰ ਦੇ ਬੈਂਕ 'ਚ ਫਾਇਰਿੰਗ, ਮੁਲਾਜ਼ਮ ਦੇ ਲੱਗੀ ਗੋਲੀ

**ਅੰਮ੍ਰਿਤਸਰ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਮਾਲ ਰੋਡ 'ਤੇ ਸਥਿਤ ਯੈੱਸ ਬੈਂਕ 'ਚ ਫਾਇਰਿੰਗ ਹੋਣ ਦੀ ਵਾਰਦਾਤ ਸਾਹਮਣੇ ਆਈ ਹੈ। ਇਸ ਘਟਨਾ ਦੌਰਾਨ ਬੈਂਕ ਦੇ ਲੋਨ ਵਿਭਾਗ 'ਚ ਕੰਮ ਕਰਨ ਵਾਲੇ ਗੌਰਵ ਦੀਵਾਨ ਦੀ ਲੱਤ 'ਚ ਗੋਲੀ ਲੱਗ ਗਈ, ਜਿਸ ਕਾਰਨ ਉਹ ਗੰਭੀਰ ਜ਼ਖ਼ਮੀ ਹੋ ਗਏ। ਘਟਨਾ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਸ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਜਾਂਚ ਸ਼ੁਰੂ ਕਰ ਦਿੱਤੀ। ਸ਼ੁਰੂਆਤੀ ਜਾਣਕਾਰੀ ਮੁਤਾਬਕ, ਬੈਂਕ ਮੁਲਾਜ਼ਮ ਅਤੇ ਕੁਝ ਬਾਹਰੋਂ ਆਏ ਵਿਅਕਤੀਆਂ ਵਿਚਾਲੇ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਵਿਵਾਦ ਹੋਇਆ ਸੀ। ਪੁਲਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਬੈਂਕ ਵਿੱਚ ਕੰਮ ਕਰਨ ਵਾਲੇ ਇੱਕ ਮੁਲਾਜ਼ਮ ਨਾਲ ਕੁਝ ਵਿਅਕਤੀਆਂ ਦੀ ਤਕਰਾਰ ਹੋਈ ਸੀ। ਇਸ ਤੋਂ ਬਾਅਦ ਝਗੜੇ ਅਤੇ ਹੱਥੋਪਾਈ ਦੌਰਾਨ ਗੋਲੀ ਚੱਲ ਗਈ, ਜਿਸ ਦੀ ਲਪੇਟ ਵਿੱਚ ਆਉਣ ਕਾਰਨ ਲੋਨ ਅਧਿਕਾਰੀ ਗੌਰਵ ਦੀਵਾਨ ਜ਼ਖ਼ਮੀ ਹੋ ਗਏ। ਪੁਲਸ ਅਨੁਸਾਰ, ਮੁਲਾਜ਼ਮ ਦੇ ਬਿਆਨ ਮੁਤਾਬਕ ਫਾਇਰਿੰਗ ਉਸ ਦੇ ਪਿਸਤੌਲ ਵਿੱਚੋਂ ਹੋਈ ਸੀ। ਹਾਲਾਂਕਿ, ਘਟਨਾ ਦੇ ਪੂਰੇ ਹਾਲਾਤ ਅਤੇ ਗੋਲੀ ਚੱਲਣ ਦੇ ਸਹੀ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਮੌਕੇ 'ਤੇ ਪਹੁੰਚੇ ਏਸੀਪੀ ਗਗਨਦੀਪ ਸਿੰਘ ਨੇ ਦੱਸਿਆ ਕਿ ਫਾਇਰਿੰਗ ਦੀ ਸੂਚਨਾ ਮਿਲਣ ਤੋਂ ਬਾਅਦ ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਮੁੱਢਲੀ ਜਾਣਕਾਰੀ ਮੁਤਾਬਕ ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਆਪਸੀ ਤਕਰਾਰ ਹੋਈ ਸੀ ਅਤੇ ਇਸੇ ਦੌਰਾਨ ਝਗੜਾ ਹੋਇਆ। ਉਨ੍ਹਾਂ ਦੱਸਿਆ ਕਿ ਬਿਆਨਾਂ ਅਨੁਸਾਰ ਤਿੰਨ ਵਿਅਕਤੀ ਮੌਕੇ 'ਤੇ ਆਏ ਸਨ, ਜਿਨ੍ਹਾਂ ਦੀ ਪਛਾਣ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

## ਐਂਟੀ ਡਰੱਗ ਟਾਸਕ ਫੋਰਸ ਦੇ ਸੰਚਾਲਕ

# ਪਰਵਿੰਦਰ ਸਿੰਘ ਝੋਟਾ ਦੀ ਗੋਲੀਆਂ ਮਾਰ ਕੇ ਹੱਤਿਆ

**ਮਾਨਸਾ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮਾਨਸਾ ਵਿੱਚ ਐਂਟੀ ਡਰੱਗ ਟਾਸਕ ਫੋਰਸ ਦੇ ਸੰਚਾਲਕ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਕਰ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਇਹ ਖ਼ੌਫ਼ਨਾਕ ਕਾਂਡ ਇੱਕ ਮੈਡੀਕਲ ਸਟੋਰ ਦੇ ਮਾਲਕ ਵੱਲੋਂ ਅੰਜਾਮ ਦਿੱਤਾ ਗਿਆ ਹੈ। ਮੁੱਢਲੀ ਜਾਣਕਾਰੀ ਅਨੁਸਾਰ ਅੱਜ ਸਵੇਰੇ ਇੱਕ ਵਿਅਕਤੀ ਵੱਲੋਂ ਗੋਲੀਆਂ ਚਲਾਏ ਜਾਣ ਦੀ ਗੱਲ ਸਾਹਮਣੇ ਆ ਰਹੀ ਹੈ। ਇਸ ਘਟਨਾ ਦੌਰਾਨ ਦੋ ਹੋਰ ਵਿਅਕਤੀਆਂ ਦੇ ਜ਼ਖ਼ਮੀ ਹੋਣ ਦੀ ਵੀ ਸੂਚਨਾ ਹੈ। ਦੱਸ ਦੇਈਏ ਕਿ ਪਰਵਿੰਦਰ ਸਿੰਘ ਝੋਟਾ ਨਸ਼ਿਆਂ ਵਿਰੁੱਧ ਲੜਾਈ ਲੜ ਰਹੇ ਸਨ। ਇੱਕ ਮੈਡੀਕਲ ਸਟੋਰ ਮਾਲਕ 'ਤੇ ਪਰਵਿੰਦਰ ਝੋਟੇ ਨੂੰ ਗੋਲੀਆਂ ਮਾਰਨ ਦੇ ਇਲਜ਼ਾਮ ਸਾਹਮਣੇ ਆ ਰਹੇ ਹਨ। ਹਸਪਤਾਲ਼ ਦੇ SMO ਡਾ. ਗੁਰਮੇਲ ਸਿੰਘ ਅਨੁਸਾਰ ਜਦੋਂ ਪਰਵਿੰਦਰ ਸਿੰਘ ਝੋਟਾ ਨੂੰ ਹਸਪਤਾਲ ਲਿਆਂਦਾ ਗਿਆ ਤਾਂ ਉਸਦੀ ਮੌਤ ਹੋ ਚੁੱਕੀ ਸੀ। ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮ ਮੌਕੇ 'ਤੇ ਪਹੁੰਚ ਗਏ। ਮਾਨਸਾ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਗੋਲੀਬਾਰੀ ਦੇ ਕਾਰਨਾਂ ਅਤੇ ਘਟਨਾ ਨਾਲ ਸਬੰਧਤ ਹੋਰ ਵੇਰਵਿਆਂ ਦੀ ਜਾਂਚ ਤੋਂ ਬਾਅਦ ਹੀ ਸਥਿਤੀ ਸਪੱਸ਼ਟ ਹੋ ਸਕੇਗੀ। ਪਰਵਿੰਦਰ ਸਿੰਘ ਝੋਟਾ ਮਾਨਸਾ ਵਿੱਚ ਲੰਬੇ ਸਮੇਂ ਤੋਂ ਨਸ਼ੇ ਦਾ ਵਿਰੋਧ ਕਰ ਰਹੇ ਸਨ। ਉਹ ਨਾ ਕੇਵਲ ਨਸ਼ਾ ਵੇਚਣ ਤੋਂ ਰੋਕਦੇ ਸਨ ਬਲਕਿ ਨਸ਼ਾ ਵੇਚਣ ਵਾਲਿਆਂ ਨੂੰ ਵੀ ਫੜਦੇ ਸਨ। ਇਸ ਨੂੰ ਲੈ ਕੇ ਕਈ ਵਾਰ ਉਨ੍ਹਾਂ ਦਾ ਝਗੜਾ ਵੀ ਹੋ ਚੁੱਕਾ ਸੀ ਅਤੇ ਉਨ੍ਹਾਂ ਦੇ ਕਹਿਣ 'ਤੇ ਕਈ ਪੰਚਾਇਤਾਂ ਨੇ ਨਸ਼ੇ ਦੇ ਖ਼ਿਲਾਫ਼ ਮਤੇ ਤੱਕ ਪਾਸ ਕੀਤੇ ਸਨ। ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ ਨੇ ਪਰਵਿੰਦਰ ਸਿੰਘ ਦੇ ਕਤਲ ਤੋਂ ਠੀਕ ਪਹਿਲਾਂ ਦੀ ਵੀਡੀਓ ਸ਼ੇਅਰ ਕੀਤੀ ਹੈ, ਜਿਸ ਵਿੱਚ ਦਿਖਾਈ ਦੇ ਰਿਹਾ ਹੈ ਕਿ ਪਰਵਿੰਦਰ ਝੋਟਾ ਵਲੋਂ ਕੈਮਿਸਟ ਦੀ ਦੁਕਾਨ ਉੱਤੇ ਆ ਕੇ ਵੀਡੀਓ ਬਣਾਈ ਜਾ ਰਹੀ ਸੀ, ਜਿਸ ਦੌਰਾਨ ਤਲਖੀ ਵਧ ਗਈ ਅਤੇ ਦੁਕਾਨਦਾਰ ਨੇ ਗੋਲੀਆਂ ਚਲਾ ਦਿੱਤੀਆਂ। ਪਰਵਿੰਦਰ ਝੋਟਾ ਵੱਲੋ ਦਾਅਵਾ ਕੀਤਾ ਜਾ ਰਿਹਾ ਸੀ ਕਿ ਮੈਡੀਕਲ ਸਟੋਰ ਵਾਲੇ ਨੇ ਕੋਲ ਖੜੇ ਵਿਅਕਤੀ ਨੂੰ ਕੋਈ ਸਾਮਾਨ (ਨਸ਼ੀਲੀਆਂ ਗੋਲੀਆਂ) ਦਿੱਤੀਆਂ ਹਨ। ਇਸ ਸਾਰੀ ਵਾਰਦਾਤ ਤੋਂ ਬਾਅਦ ਬਿਕਰਮ ਮਜੀਠੀਆ ਨੇ ਇਕ ਵਾਰ ਫਿਰ ਤੋਂ ਮਾਨ ਸਰਕਾਰ ਨੂੰ ਘੇਰਿਆ ਹੈ।



## ਪੁਲਸ ਨੇ ਪਹਿਲੀ ਗ੍ਰਿ੍ਫ਼ਤਾਰੀ ਕੀਤੀ

**ਮਾਨਸਾ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਰਵਿੰਦਰ ਸਿੰਘ ਝੋਟਾ ਕਤਲ ਕੇਸ ਵਿਚ ਪੁਲਸ ਨੇ ਪਹਿਲੀ ਗ੍ਰਿਫ਼ਤਾਰੀ ਕੀਤੀ ਹੈ। ਮਾਨਸਾ ਪੁਲਸ ਨੇ ਕਾਤਲ ਮੈਡੀਕਲ ਸਟੋਰ ਮਾਲਕ ਨੂੰ ਫਰਾਰ ਕਰਨ ਵਿਚ ਮਦਦ ਕਰਨ ਵਾਲੇ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡੀ.ਆਈ.ਜੀ. ਨੇ ਦੱਸਿਆ ਕਿ ਪੁਲਸ ਨੇ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ ਜਿਸ ਨੇ ਕਤਲ ਤੋਂ ਬਾਅਦ ਮੁੱਖ ਮੁਲਜ਼ਮ ਅਸ਼ਵਨੀ ਨੂੰ ਫਰਾਰ ਹੋਣ ਵਿਚ ਮਦਦ ਕੀਤੀ ਸੀ। ਡੀ.ਆਈ.ਜੀ. ਮੁਤਾਬਕ ਪੁਲਸ ਨੂੰ ਮੰਗਲਵਾਰ ਸਵੇਰੇ 10.30 ਵਜੇ ਦੇ ਕਰੀਬ ਘਟਨਾ ਦੀ ਸੂਚਨਾ ਮਿਲੀ ਸੀ। ਉਨ੍ਹਾਂ ਅੱਗੇ ਦੱਸਿਆ ਕਿ ਮੁੱਢਲੀ ਜਾਂਚ ਵਿਚ ਅਜਿਹਾ ਲੱਗਦਾ ਹੈ ਕਿ ਕਤਲ ਵਿਚ ਲਾਇਸੰਸੀ ਹਥਿਆਰ ਦੀ ਵਰਤੋਂ ਕੀਤੀ ਗਈ ਸੀ। ਡੀ.ਆਈ.ਜੀ. ਨੇ ਦੱਸਿਆ ਕਿ ਵਾਰਦਾਤ ਨੂੰ ਅੰਜਾਮ ਦੇਣ ਤੋਂ ਬਾਅਦ ਮੁਲਜ਼ਮ ਮੌਕੇ ਤੋਂ ਫਰਾਰ ਹੋ ਗਏ, ਜਿਸ ਤੋਂ ਬਾਅਦ ਪੁਲਸ ਨੇ ਉਨ੍ਹਾਂ ਦੀ ਭਾਲ ਵਿਚ ਕਈ ਟੀਮਾਂ ਦਾ ਗਠਨ ਕੀਤਾ। ਤਫਤੀਸ਼ ਦੇ ਹਿੱਸੇ ਵਜੋਂ ਮੁਲਜ਼ਮਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਹਿਰਾਸਤ ਵਿਚ ਲਿਆ ਗਿਆ। ਉਨ੍ਹਾਂ ਅੱਗੇ ਦੱਸਿਆ ਕਿ ਮ੍ਰਿਤਕ ਅਤੇ ਮੁਲਜ਼ਮਾਂ ਵਿਚਕਾਰ ਪੁਰਾਣੀ ਰੰਜਿਸ਼ ਸੀ। ਉਨ੍ਹਾਂ ਦੱਸਿਆ ਕਿ 2023 ਦੀ ਇਕ ਘਟਨਾ ਦੌਰਾਨ ਵੀ ਉਨ੍ਹਾਂ ਵਿਚਕਾਰ ਨਿੱਜੀ ਦੁਸ਼ਮਣੀ ਸਾਹਮਣੇ ਆਈ ਸੀ ਹਾਲਾਂਕਿ ਪੁਲਸ ਨੇ ਗ੍ਰਿਫ਼ਤਾਰ ਕੀਤੇ ਮੁਲਜ਼ਮ ਦੇ ਨਾਮ ਦਾ ਖੁਲਾਸਾ ਨਹੀਂ ਕੀਤਾ ਹੈ। ਇਥੇ ਇਹ ਵੀ ਦੱਸਣਯੋਗ ਹੈ ਕਿ ਵਾਰਦਾਤ ਮਗਰੋਂ ਦੁਪਹਿਰ ਸਮੇਂ ਕੁਝ ਨਿਹੰਗ ਸਿੰਘਾਂ ਸਮੇਤ ਵੱਡੀ ਗਿਣਤੀ ਪ੍ਰਦਰਸ਼ਨਕਾਰੀਆਂ ਨੇ ਮੁਲਜ਼ਮ ਦੇ ਮੈਡੀਕਲ ਦੀ ਦੁਕਾਨ ਦੀ ਜੰਮ ਕੇ ਭੰਨਤੋੜ ਕੀਤੀ। ਇਸ ਦੌਰਾਨ ਪੁਲਸ ਵੀ ਮੌਕੇ 'ਤੇ ਮੌਜੂਦ ਰਹੀ ਪਰ ਪ੍ਰਦਰਸ਼ਨਾਰੀਆਂ ਅੱਗੇ ਪੁਲਸ ਦੀ ਪੇਸ਼ ਨਹੀਂ ਚੱਲੀ।



## 'ਫਲਾਈ ਦੁਬਈ' ਜਹਾਜ਼ ਨੂੰ ਡੇਗਣ ਦੀ ਸਾਜ਼ਿਸ਼ ਦੇ ਮਾਮਲੇ 'ਚ ਮਾਲਦੀਵ ਦੇ ਦੋ ਪਾਇਲਟ ਗ੍ਰਿ੍ਫ਼ਤਾਰ

**ਦੁਬਈ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦੁਬਈ ਤੋਂ ਤੇਲ ਅਵੀਵ ਜਾ ਰਹੀ ਫਲਾਈਦੁਬਈ ਦੀ ਉਡਾਣ ਨੂੰ ਹਾਈਜੈਕ ਕਰਨ ਅਤੇ ਹਾਦਸਾਗ੍ਰਸਤ ਕਰਨ ਦੀ ਸਾਜ਼ਿਸ਼ ਦੇ ਮਾਮਲੇ ਵਿੱਚ ਸੰਯੁਕਤ ਅਰਬ ਅਮੀਰਾਤ ਦੀ ਪੁਲਸ ਨੇ ਮਾਲਦੀਵ ਦੇ ਦੋ ਪਾਇਲਟਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਕਾਰਵਾਈ ਓਮਾਨੀ ਕੋ-ਪਾਇਲਟ ਵੱਲੋਂ ਜਹਾਜ਼ ਨੂੰ ਹਾਈਜੈਕ ਕਰਨ ਦੀ ਕੋਸ਼ਿਸ਼ ਦੇ ਸਬੰਧ ਵਿੱਚ ਚੱਲ ਰਹੀ ਜਾਂਚ ਦੇ ਘੇਰੇ ਨੂੰ ਵਧਾਉਂਦਿਆਂ ਕੀਤੀ ਗਈ ਹੈ। ਇਸ ਸਾਜ਼ਿਸ਼ ਨੂੰ ਨਾਕਾਮ ਕਰਦੇ ਹੋਏ ਭਾਰਤੀ ਕਪਤਾਨ ਸਮਿਤ ਮਛਾਰ ਜ਼ਖਮੀ ਹੋ ਗਏ ਸਨ। ਮਾਲਦੀਵ ਦੇ ਨਿਊਜ਼ ਪੋਰਟਲ 'ਅਧਾਧੂ' ਅਨੁਸਾਰ ਇਨ੍ਹਾਂ ਦੋਵਾਂ ਪਾਇਲਟਾਂ ਨੂੰ 3 ਅਕਤੂਬਰ ਨੂੰ ਹਿਰਾਸਤ ਵਿੱਚ ਲਿਆ ਗਿਆ ਸੀ ਅਤੇ ਯੂ.ਏ.ਈ. ਸਥਿਤ ਮਾਲਦੀਵ ਦੇ ਦੂਤਾਵਾਸ ਵੱਲੋਂ ਉਨ੍ਹਾਂ ਦੇ ਪਰਿਵਾਰਾਂ ਨੂੰ ਇਸ ਦੀ ਰਸਮੀ ਜਾਣਕਾਰੀ ਦੇ ਦਿੱਤੀ ਗਈ ਹੈ। ਹਾਲਾਂਕਿ, ਮਾਲਦੀਵ ਦੇ ਅਧਿਕਾਰੀਆਂ ਨੇ ਇਸ ਮਾਮਲੇ 'ਤੇ ਕੋਈ ਵੀ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਯੂ.ਏ.ਈ. ਅਧਿਕਾਰੀਆਂ ਵੱਲੋਂ ਵੀ ਅਜੇ ਤੱਕ ਗ੍ਰਿਫ਼ਤਾਰ ਕੀਤੇ ਗਏ ਪਾਇਲਟਾਂ 'ਤੇ ਲਗਾਏ ਗਏ ਦੋਸ਼ਾਂ ਜਾਂ ਜਾਂਚ ਬਾਰੇ ਕੋਈ ਅਧਿਕਾਰਤ ਵੇਰਵਾ ਜਾਰੀ ਨਹੀਂ ਕੀਤਾ ਗਿਆ ਹੈ। ਮਾਲੇ ਸਥਿਤ 'ਮੀਹਾਰੂ' ਅਖ਼ਬਾਰ ਅਨੁਸਾਰ ਮੰਨਿਆ ਜਾ ਰਿਹਾ ਹੈ ਕਿ ਇਹ ਦੋਵੇਂ ਪਾਇਲਟ ਮੁੱਖ ਦੋਸ਼ੀ ਓਮਾਨੀ ਕੋ-ਪਾਇਲਟ ਹਮਾਮ ਅਲ-ਹਮਾਮੀ ਨਾਲ ਕੰਮ ਵਾਲੀ ਥਾਂ 'ਤੇ ਗੱਲਬਾਤ ਕਰਦੇ ਸਨ ਅਤੇ ਉਸੇ ਇਮਾਰਤ ਵਿੱਚ ਰਹਿੰਦੇ ਸਨ। ਫਲਾਈਦੁਬਈ ਵਿੱਚ ਮਾਲਦੀਵ ਦੇ ਕੁੱਲ ਛੇ ਪਾਇਲਟ ਕੰਮ ਕਰਦੇ ਹਨ ਅਤੇ ਇਹ ਦੋਵੇਂ ਸਭ ਤੋਂ ਨਵੇਂ ਭਰਤੀ ਹੋਏ ਪਾਇਲਟਾਂ ਵਿੱਚੋਂ ਹਨ। ਇਹ ਘਟਨਾ 30 ਸਤੰਬਰ ਨੂੰ ਵਾਪਰੀ ਸੀ, ਜਦੋਂ 174 ਯਾਤਰੀਆਂ ਅਤੇ ਕਰੂ ਮੈਂਬਰਾਂ ਨੂੰ ਲੈ ਕੇ ਫਲਾਈਦੁਬਈ ਦੀ ਉਡਾਣ FZ1073 ਦੁਬਈ ਤੋਂ ਤੇਲ ਅਵੀਵ ਜਾ ਰਹੀ ਸੀ। ਉਡਾਣ ਦੌਰਾਨ 29 ਸਾਲਾ ਓਮਾਨੀ ਕੋ-ਪਾਇਲਟ ਅਲ-ਹਮਾਮੀ ਨੇ ਕੁਹਾੜੀ ਨਾਲ ਭਾਰਤੀ ਕਪਤਾਨ ਸਮਿਤ ਮਛਾਰ 'ਤੇ ਹਮਲਾ ਕਰ ਦਿੱਤਾ ਅਤੇ ਜਹਾਜ਼ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ। ਗੰਭੀਰ ਜ਼ਖ਼ਮੀ ਹੋਣ ਦੇ ਬਾਵਜੂਦ ਕਪਤਾਨ ਮਛਾਰ ਨੇ ਹਮਲਾਵਰ ਦਾ ਸਾਹਮਣਾ ਕੀਤਾ ਅਤੇ ਕਾਕਪਿਟ ਦਾ ਦਰਵਾਜ਼ਾ ਅਨਲੌਕ ਕਰ ਦਿੱਤਾ। ਇਸ ਤੋਂ ਬਾਅਦ ਕਰੂ ਮੈਂਬਰਾਂ ਅਤੇ ਯਾਤਰੀਆਂ ਨੇ ਅੰਦਰ ਦਾਖਲ ਹੋ ਕੇ ਕੋ-ਪਾਇਲਟ ਨੂੰ ਕਾਬੂ ਕੀਤਾ, ਜਿਸ ਤੋਂ ਬਾਅਦ ਜਹਾਜ਼ ਦੀ ਸਊਦੀ ਅਰਬ ਦੇ ਤਬੂਕ ਹਵਾਈ ਅੱਡੇ 'ਤੇ ਇਮਰਜੈਂਸੀ ਲੈਂਡਿੰਗ ਕਰਵਾਈ ਗਈ। ਯੂ.ਏ.ਈ. ਨੇ ਇਸ ਘਟਨਾ ਨੂੰ ਅੱਤਵਾਦੀ ਹਮਲੇ ਦੀ ਕੋਸ਼ਿਸ਼ ਕਰਾਰ ਦਿੱਤਾ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਅਲ-ਹਮਾਮੀ ਕੱਟੜਪੰਥੀ ਵਿਚਾਰਧਾਰਾ ਦਾ ਸਮਰਥਕ ਸੀ ਅਤੇ ਓਮਾਨੀ ਅਧਿਕਾਰੀਆਂ ਨੇ ਉਸ ਨੂੰ ਪਾਇਲਟ ਲਾਇਸੈਂਸ ਲੈਣ ਤੋਂ ਰੋਕਿਆ ਹੋਇਆ ਸੀ।







## ਰਾਜਬੀਰ ਘੁੰਮਣ ਮਾਮਲੇ 'ਚ ਵੱਡਾ ਮੋੜ ! ਸੁਪਰੀਮ ਕੋਰਟ ਤੋਂ ਰਾਹਤ ਮਿਲਣ ਮਗਰੋਂ ਹੁਣ ED ਦੀ ਐਂਟਰੀ

**ਜਲੰਧਰ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਐਸਡੀ ਰਾਜਬੀਰ ਘੁੰਮਣ ਮਾਮਲੇ ਸਬੰਧੀ ਮਹੱਤਵਪੂਰਨ ਖ਼ਬਰ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ, ਸੁਪਰੀਮ ਕੋਰਟ ਤੋਂ ਰਾਹਤ ਮਿਲਣ ਤੋਂ ਬਾਅਦ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਇਸ ਮਾਮਲੇ 'ਚ ਐਂਟਰੀ ਕੀਤੀ ਹੈ। ਈਡੀ ਦੇ ਜਲੰਧਰ ਦਫ਼ਤਰ ਨੇ ਇਸ ਮਾਮਲੇ 'ਚ ਕੇਸ ਦਰਜ ਕੀਤਾ ਹੈ। ਇਸ ਘਟਨਾ ਤੋਂ ਬਾਅਦ ਕੇਂਦਰੀ ਜਾਂਚ ਏਜੰਸੀ ਦੀ ਭੂਮਿਕਾ ਮਹੱਤਵਪੂਰਨ ਹੋ ਗਈ ਹੈ। ਈਡੀ ਹੁਣ ਇਸ ਮਾਮਲੇ 'ਚ ਵਿੱਤੀ ਬੇਨਿਯਮੀਆਂ, ਮਨੀ ਲਾਂਡਰਿੰਗ ਅਤੇ ਵਿੱਤੀ ਲੈਣ-ਦੇਣ ਦੀ ਜਾਂਚ ਕਰਨ ਦੀ ਤਿਆਰੀ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਸੁਪਰੀਮ ਕੋਰਟ ਨੇ ਕੱਲ੍ਹ ਰਾਜਬੀਰ ਘੁੰਮਣ ਨੂੰ ਮਹੱਤਵਪੂਰਨ ਰਾਹਤ ਦਿੱਤੀ ਸੀ, ਜਿਸ ਨਾਲ ਉਨ੍ਹਾਂ ਦੀ ਗ੍ਰਿਫ਼ਤਾਰੀ ਅਤੇ ਕਿਸੇ ਵੀ ਸਖ਼ਤ ਕਾਰਵਾਈ 'ਤੇ ਰੋਕ ਲਗਾਈ ਗਈ। ਅਦਾਲਤ ਨੇ ਸੀਬੀਆਈ ਵੱਲੋਂ ਮਾਮਲੇ ਵਿੱਚ ਦਰਜ ਐਫਆਈਆਰ 'ਤੇ ਰੋਕ ਲਗਾਉਣ ਤੋਂ ਇਨਕਾਰ ਕਰ ਦਿੱਤਾ ਸੀ, ਪਰ ਘੁੰਮਣ ਦੀ ਗ੍ਰਿਫ਼ਤਾਰੀ ਨੂੰ ਅਸਥਾਈ ਤੌਰ 'ਤੇ ਰੋਕ ਲਗਾ ਦਿੱਤੀ ਸੀ। ਅਦਾਲਤ ਨੇ ਸਪੱਸ਼ਟ ਕੀਤਾ ਕਿ ਜਾਂਚ ਜਾਰੀ ਰਹੇਗੀ ਅਤੇ ਇਸ ਸਬੰਧ ਵਿੱਚ ਸੀਬੀਆਈ ਨੂੰ ਨੋਟਿਸ ਜਾਰੀ ਕੀਤਾ ਹੈ। ਇਸ ਦੌਰਾਨ, ਈਡੀ ਵੱਲੋਂ ਅੱਜ ਕੇਸ ਦਰਜ ਕਰਨ ਬਾਰੇ ਰਾਜਨੀਤਿਕ ਅਤੇ ਪ੍ਰਸ਼ਾਸਨਿਕ ਹਲਕਿਆਂ ਵਿੱਚ ਚਰਚਾ ਤੇਜ਼ ਹੋ ਗਈ ਹੈ। ਜ਼ਿਕਰਯੋਗ ਹੈ ਕਿ ਜੁਲਾਈ ਅਤੇ ਅਗਸਤ 2026 ਦੌਰਾਨ ਈ. ਡੀ. ਨੇ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੂੰ ਤਿੰਨ ਚਿੱਠੀਆਂ ਭੇਜ ਕੇ ਮੁੱਖ ਮੰਤਰੀ ਦਫ਼ਤਰ ਨਾਲ ਜੁੜੇ ਕਥਿਤ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਐਫਆਈਆਰ ਦਰਜ ਕਰਨ ਦੀ ਮੰਗ ਕੀਤੀ ਸੀ। ਇਨ੍ਹਾਂ ਵਿੱਚ ਤਬਾਦਲਿਆਂ ਅਤੇ ਤਾਇਨਾਤੀਆਂ, ਨੀਤੀਗਤ ਫ਼ੈਸਲਿਆਂ, ਟੈਂਡਰਾਂ, CLU ਅਤੇ ਹੋਰ ਸਰਕਾਰੀ ਮਨਜ਼ੂਰੀਆਂ ਵਿੱਚ ਕਥਿਤ ਦਖ਼ਲਅੰਦਾਜ਼ੀ ਦੇ ਦੋਸ਼ ਲਗਾਏ ਗਏ ਸਨ। ਈਡੀ ਮੁਤਾਬਕ ਇਸ ਮਾਮਲੇ ਵਿੱਚ ਨਿਤਿਨ ਗੋਹਲ, ਰਾਜਬੀਰ ਸਿੰਘ ਘੁੰਮਣ ਅਤੇ ਹੋਰ ਵਿਅਕਤੀਆਂ ਦੀ ਭੂਮਿਕਾ ਸਾਹਮਣੇ ਆਈ ਹੈ। ਏਜੰਸੀ ਨੇ ਨਿਤਿਨ ਗੋਹਲ ਨੂੰ ਸਰਕਾਰੀ ਕੰਮ ਕਰਵਾਉਣ ਦੇ ਇੱਛੁਕ ਲੋਕਾਂ ਅਤੇ ਮੁੱਖ ਮੰਤਰੀ ਦੇ ਓਐਸਡੀ ਰਾਜਬੀਰ ਘੁੰਮਣ ਵਿਚਕਾਰ ਕਥਿਤ ਵਿਚੋਲੇ ਵਜੋਂ ਦਰਸਾਇਆ ਹੈ।



# ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸਖ਼ਤ ਨਿਖੇਧੀ




## ਪੰਜਾਬ ਵਿੱਚ ਨਸ਼ਿਆਂ ਅਤੇ ਕਾਨੂੰਨ ਵਿਵਸਥਾ ਦੀ ਮਾੜੀ ਹਾਲਤ ਲਈ ਸਰਕਾਰ ਜਵਾਬਦੇਹੀ ਤੈਅ ਕਰੇ: ਇੰਟਰਨੈਸ਼ਨਲ ਪੰਥਕ ਦਲ

ਇੰਗਲੈਂਡ: ਪੰਜਾਬ ਦੀ ਧਰਤੀ ’ਤੇ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੀ ਦੁਖਦਾਈ ਘਟਨਾ ’ਤੇ ਇੰਟਰਨੈਸ਼ਨਲ ਪੰਥਕ ਦਲ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਇਸ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਦਲ ਦੇ ਆਗੂਆਂ ਨੇ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਲੰਬੇ ਸਮੇਂ ਤੋਂ ਪੰਜਾਬ ਵਿੱਚ ਨਸ਼ਿਆਂ, ਖ਼ਾਸ ਕਰਕੇ ਚਿੱਟੇ ਦੇ ਵਪਾਰ ਅਤੇ ਨਸ਼ਾ ਤਸਕਰਾਂ ਵਿਰੁੱਧ ਸੰਘਰਸ਼ ਕਰ ਰਹੇ ਸਨ। ਇਸ ਸੰਘਰਸ਼ ਦੌਰਾਨ ਉਨ੍ਹਾਂ ਨੂੰ ਕਈ ਵਾਰ ਜੇਲ੍ਹ ਜਾਣਾ ਪਿਆ ਅਤੇ ਪੁਲਿਸੀ ਦਬਾਅ ਦਾ ਸਾਹਮਣਾ ਵੀ ਕਰਨਾ ਪਿਆ। ਕਿਸੇ ਵੀ ਵਿਅਕਤੀ ਨੂੰ ਕਾਨੂੰਨ ਆਪਣੇ ਹੱਥ ਵਿੱਚ ਲੈਣ ਦਾ ਅਧਿਕਾਰ ਨਹੀਂ ਹੈ ਅਤੇ ਕਿਸੇ

ਆਵਾਜ਼ਿ ਕੌਮ AWAZE QAUM
International Newspaper & WEB TV

ਦੀ ਜਾਨ ਲੈਣਾ ਬੇਹੱਦ ਗੰਭੀਰ ਅਪਰਾਧ ਹੈ।

ਦਲ ਦੇ ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਪੰਜਾਬ ਵਿੱਚ ਬਦਲਾਅ ਲਿਆਉਣ ਅਤੇ ਕੁਝ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੇ ਵੱਡੇ ਦਾਅਵੇ ਕੀਤੇ ਸਨ। ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਸਮੇਤ ਕਈ ਆਗੂਆਂ ਨੇ ਵੀ ਨਸ਼ਿਆਂ ਵਿਰੁੱਧ ਵੱਡੀਆਂ-ਵੱਡੀਆਂ ਗੱਲਾਂ ਕੀਤੀਆਂ, ਪਰ ਅੱਜ ਹਕੀਕਤ ਇਹ ਹੈ ਕਿ ਨਸ਼ਾ ਬੰਦ ਹੋਣ ਦੀ ਬਜਾਏ ਪੰਜਾਬ ਦੇ ਨੌਜਵਾਨ ਮੌਤ ਦੇ ਮੂੰਹ ਵਿੱਚ ਜਾ ਰਹੇ ਹਨ। ਜੋ ਨੌਜਵਾਨ ਨਸ਼ਾ ਬੰਦ ਕਰਾਉਣ ਲਈ ਸੰਘਰਸ਼ ਕਰਦੇ ਹਨ, ਉਨ੍ਹਾਂ ਨੂੰ ਹੀ ਧਮਕੀਆਂ, ਮੁਕੱਦਮਿਆਂ ਅਤੇ ਹਿੰਸਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਇਸੇ ਤਰ੍ਹਾਂ ਭਾਈ ਅੰਮ੍ਰਿਤਪਾਲ ਸਿੰਘ ਨੇ ਨਸ਼ਿਆਂ ਵਿਰੁੱਧ ਅੰਮ੍ਰਿਤ ਸੰਚਾਰ ਅਤੇ ਸਮਾਜਿਕ ਜਾਗਰੂਕਤਾ ਦੀ ਲਹਿਰ ਚਲਾਈ, ਪਰ ਉਨ੍ਹਾਂ ਨੂੰ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਕਰ ਦਿੱਤਾ ਗਿਆ। ਪਰਵਿੰਦਰ ਸਿੰਘ ਝੋਟਾ ਵਰਗੇ ਨੌਜਵਾਨ, ਜੋ ਪੰਜਾਬ ਵਿੱਚੋਂ ਨਸ਼ਾ ਖ਼ਤਮ ਕਰਾਉਣ ਲਈ ਮੈਦਾਨ ਵਿੱਚ ਡਟੇ ਹੋਏ ਸਨ, ਉਨ੍ਹਾਂ ਨੂੰ ਆਪਣੀ ਜਾਨ ਤੱਕ ਗਵਾਉਣੀ ਪਈ। ਇਹ ਘਟਨਾ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ ’ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ।

ਇੰਟਰਨੈਸ਼ਨਲ ਪੰਥਕ ਦਲ ਦੇ ਯੂਕੇ ਪ੍ਰਧਾਨ ਭਾਈ ਰਘਬੀਰ ਸਿੰਘ ਵਾਲਸਾਲ, ਅੰਤਰਰਾਸ਼ਟਰੀ ਮੁੱਖ ਜਥੇਬੰਦਕ ਭਾਈ ਪਰਮਜੀਤ ਸਿੰਘ ਢਾਡੀ, ਜਨਰਲ ਸਕੱਤਰ ਅਤੇ ਮੁੱਖ ਬੁਲਾਰੇ ਭਾਈ ਕਪਤਾਨ ਸਿੰਘ ਅਤੇ ਧਾਰਮਿਕ ਵਿੰਗ ਇੰਗਲੈਂਡ ਤੇ ਯੂਰਪ ਦੇ ਜਥੇਦਾਰ ਬਾਬਾ ਬਘੇਲ ਸਿੰਘ ਜੀ ਵੱਲੋਂ ਜਾਰੀ ਕੀਤੇ ਜਾਣ ਵਾਲੇ ਬਿਆਨ ਵਿੱਚ ਇਸ ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ।

ਦਲ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸੂਬੇ ਦੇ ਹਰ ਨਾਗਰਿਕ ਦੀ ਜਾਨ-ਮਾਲ ਦੀ ਸੁਰੱਖਿਆ ਯਕੀਨੀ ਬਣਾਵੇ ਅਤੇ ਨਸ਼ਿਆਂ ਦੇ ਵਪਾਰ ਨੂੰ ਜੜ੍ਹੋਂ ਖ਼ਤਮ ਕਰੇ। ਜੇਕਰ ਨਸ਼ਾ ਤਸਕਰ ਖੁੱਲ੍ਹੇਆਮ ਕਾਰੋਬਾਰ ਕਰ ਰਹੇ ਹਨ ਅਤੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਨੌਜਵਾਨਾਂ ਦੀ ਜਾਨ ਸੁਰੱਖਿਅਤ ਨਹੀਂ, ਤਾਂ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਆਪਣੀ ਕਾਰਗੁਜ਼ਾਰੀ ਬਾਰੇ ਜਵਾਬ ਦੇਣਾ ਚਾਹੀਦਾ ਹੈ। ਸਰਕਾਰ ਸਿਰਫ਼ ਬਿਆਨਬਾਜ਼ੀ ਕਰਨ ਦੀ ਬਜਾਏ ਨਸ਼ਾ ਤਸਕਰਾਂ ਅਤੇ ਉਨ੍ਹਾਂ ਨੂੰ ਪਨਾਹ ਦੇਣ ਵਾਲੇ ਸਿਆਸੀ ਜਾਂ ਪ੍ਰਸ਼ਾਸਨਿਕ ਤੱਤਾਂ ਵਿਰੁੱਧ ਠੋਸ ਕਾਰਵਾਈ ਕਰੇ।

ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਈ ਜਾਵੇ, ਕਤਲ ਦੇ ਪਿੱਛੇ ਦੇ ਕਾਰਨਾਂ ਅਤੇ ਸਾਜ਼ਿਸ਼ ਦੀ ਡੂੰਘਾਈ ਨਾਲ ਪੜਤਾਲ ਕੀਤੀ ਜਾਵੇ ਅਤੇ ਸਾਰੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ। ਕਿਸੇ ਵੀ ਦੋਸ਼ੀ ਨੂੰ ਸਿਆਸੀ ਦਬਾਅ, ਪ੍ਰਭਾਵ ਜਾਂ ਹੋਰ ਕਿਸੇ ਕਾਰਨ ਕਰਕੇ ਬਚਾਉਣ ਦੀ ਕੋਸ਼ਿਸ਼ ਨਹੀਂ ਹੋਣੀ ਚਾਹੀਦੀ। ਨਾਲ ਹੀ, ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਉਣ ਲਈ ਸਰਕਾਰ ਵੱਲੋਂ ਹਰ ਲੋੜੀਂਦਾ ਕਦਮ ਚੁੱਕਿਆ ਜਾਣਾ ਚਾਹੀਦਾ ਹੈ। ਇੰਟਰਨੈਸ਼ਨਲ ਪੰਥਕ ਦਲ ਨੇ ਨਸ਼ੇ ਦੇ ਸੌਦਾਗਰਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ ਅਤੇ ਸ਼ਹੀਦਾਂ ਦੀ ਧਰਤੀ ਹੈ। ਇੱਥੇ ਨਸ਼ਿਆਂ ਦਾ ਕਾਰੋਬਾਰ ਅਤੇ ਪੰਜਾਬ ਦੀ ਨੌਜਵਾਨੀ ਨੂੰ ਬਰਬਾਦ ਕਰਨ ਦਾ ਧੰਦਾ ਕਿਸੇ ਵੀ ਕੀਮਤ ’ਤੇ ਨਹੀਂ ਚੱਲਣ ਦਿੱਤਾ ਜਾਵੇਗਾ। ਪੰਜਾਬ ਦੇ ਨੌਜਵਾਨ, ਸਿੱਖ ਜਥੇਬੰਦੀਆਂ ਅਤੇ ਗੁਰੂ ਸਾਹਿਬਾਨ ਦੀ ਦਿੱਤੀ ਸਿੱਖਿਆ ਇੱਕ ਦਿਨ ਜ਼ਰੂਰ ਰੰਗ ਲਿਆਏਗੀ ਅਤੇ ਨਸ਼ਾ ਤਸਕਰਾਂ ਦੀ ਪੰਜਾਬ ਵਿੱਚੋਂ ਜੜ੍ਹ ਪੁੱਟੀ ਜਾਵੇਗੀ। ਇਹ ਸੰਘਰਸ਼ ਕਾਨੂੰਨੀ, ਸ਼ਾਂਤਮਈ ਅਤੇ ਲੋਕਤੰਤਰਿਕ ਢੰਗ ਨਾਲ ਹੋਰ ਮਜ਼ਬੂਤ ਕੀਤਾ ਜਾਵੇਗਾ।

ਕਿਸੇ ਵੀ ਤਰ੍ਹਾਂ ਦੀ ਹਿੰਸਾ ਨੂੰ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਸਰਕਾਰ ਨੂੰ ਚਾਹੀਦਾ ਹੈ ਕਿ ਉਹ ਲੋਕਾਂ ਵਿੱਚ ਸੁਰੱਖਿਆ ਅਤੇ ਨਿਆਂ ਪ੍ਰਤੀ ਭਰੋਸਾ ਕਾਇਮ ਕਰੇ ਅਤੇ ਨਸ਼ਿਆਂ ਤੇ ਅਪਰਾਧਾਂ ਨੂੰ ਰੋਕਣ ਲਈ ਪ੍ਰਭਾਵਸ਼ਾਲੀ ਨੀਤੀ ਅਪਣਾਏ।

ਇੰਟਰਨੈਸ਼ਨਲ ਪੰਥਕ ਦਲ ਨੇ ਮੰਗ ਕੀਤੀ ਕਿ ਪਰਵਿੰਦਰ ਸਿੰਘ ਝੋਟਾ ਦੇ ਕਤਲ ਦੇ ਮਾਮਲੇ ਵਿੱਚ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦਿਵਾਈਆਂ ਜਾਣ, ਨਸ਼ਾ ਤਸਕਰਾਂ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਜਾਵੇ ਅਤੇ ਪੀੜਤ ਪਰਿਵਾਰ ਨੂੰ ਇਨਸਾਫ਼ ਦਿੱਤਾ ਜਾਵੇ। ਦਲ ਨੇ ਸਪੱਸ਼ਟ ਕੀਤਾ ਕਿ ਇਨਸਾਫ਼ ਵਿੱਚ ਦੇਰੀ ਜਾਂ ਲਾਪਰਵਾਹੀ ਲੋਕਾਂ ਦੇ ਸਰਕਾਰੀ ਪ੍ਰਬੰਧ ਵਿੱਚ ਭਰੋਸੇ ਨੂੰ ਹੋਰ ਕਮਜ਼ੋਰ ਕਰ ਸਕਦੀ ਹੈ।

— ਇੰਟਰਨੈਸ਼ਨਲ ਪੰਥਕ ਦਲ



ਭਾਈ ਰਘਬੀਰ ਸਿੰਘ
ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ



ਭਾਈ ਪਰਮਜੀਤ ਸਿੰਘ ਢਾਡੀ
ਅੰਤਰਰਾਸ਼ਟਰੀ ਆਰਗੇਨਾਈਜ਼ਰ
ਇੰਟਰਨੈਸ਼ਨਲ ਪੰਥਕ ਦਲ



ਭਾਈ ਕਪਤਾਨ ਸਿੰਘ
ਜਨਰਲ ਸਕੱਤਰ ਅਤੇ ਮੁੱਖ ਬੁਲਾਰਾ
ਇੰਟਰਨੈਸ਼ਨਲ ਪੰਥਕ ਦਲ



ਬਾਬਾ ਬਘੇਲ ਸਿੰਘ
ਜਥੇਦਾਰ ਧਾਰਮਿਕ ਵਿੰਗ
ਇੰਗਲੈਂਡ ਅਤੇ ਯੂਰਪ

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੰਥਕ ਸ਼ਬਦ ਸੱਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


ਪਰਵਿੰਦਰ ਸਿੰਘ ਝੋਟਾ ਮਾਮਲੇ 'ਚ
15 ਨੂੰ ਪੰਜਾਬ ਬੰਦ ਦਾ ਸੱਦਾ
ਕਮੇਟੀ ਦੀਆਂ ਮੰਗਾਂ ;
ਮੁੱਖ ਮੰਤਰੀ ਅਤੇ ਡੀਜੀਪੀ ਦੇਣ ਅਸਤੀਫਾ।
ਸੀਬੀਆਈ ਨੂੰ ਜਾਂਚ ਦੇ ਕੇ ਪੋਸਟ ਮਾਰਟਮ ਪੀਜੀਆਈ ਤੋਂ ਕਰਵਾਇਆ ਜਾਵੇ।
ਸਥਾਨਕ ਜਿੰਮੇਵਾਰ ਪੁਲਸ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਖਿਲਾਫ ਹੋਵੇ ਕਾਰਵਾਈ।
ਮੰਗਾਂ ਦੀ ਪੂਰਤੀ ਤੱਕ ਸਸਕਾਰ ਕਰਨ ਤੋਂ ਇਨਕਾਰ
ਆਵਾਜ਼ਿ ਕੌਮ
AWAZE QAUM
International Newspaper & WEB TV

DHAN DHAN SRI GURU NANAK DEV JI
PARKASH PURAB

SANDWELL

# NAGAR KIRTAN

# ਨਗਰ ਕੀਰਤਨ



## SUNDAY 1ST NOVEMBER 2026

| | | | |
|---|---|---|---|
| **GURDWARA GURU HAR RAI SAHIB JI**<br>George Street, West Bromwich | START 9:00AM | ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ<br>ਜਰੋਜ ਸਟਰੀਟ, ਵੈਸਟ ਬ੍ਰਮਿਚ | ਅਰੰਭਤਾ: ੯:੦੦ ਵਜੇ |
| **GURU NANAK GURDWARA**<br>Edward Street, West Bromwich | 11:00AM | ਗੁਰੂ ਨਾਨਕ ਗੁਰਦੁਆਰਾ<br>ਏਡਵਰਡ ਸਟਰੀਟ, ਵੈਸਟ ਬ੍ਰਮਿਚ | ੧੧:੦੦ ਵਜੇ |
| **GURDWARA AMRIT PARCHAR DHARMIK DIWAN**<br>Birmingham Road, Oldbury | 1:00PM | ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ<br>ਬ੍ਰਮਿੰਘਮ ਰੋਡ, ਓਲਡਬਰੀ | ੧:੦੦ ਵਜੇ |
| **GURDWARA GURU MANEYO GRANTH**<br>Popes Lane, Oldbury | 2:00PM | ਗੁਰਦੁਆਰਾ ਗੁਰੂ ਮਾਨਯੋ ਗ੍ਰੰਥ<br>ਪੋਪਸ ਲੇਨ, ਓਲਡਬਰੀ | ੨:੦੦ ਵਜੇ |
| **GURDWARA BABA SANG**<br>St. Paul's Road, Smethwick | 3:15PM | ਗੁਰਦੁਆਰਾ ਬਾਬਾ ਸੰਗ ਜੀ<br>ਸਟ, ਪੋਲਜ ਰੋਡ, ਸਮੇਦਿਕ | ੩:੧੫ ਵਜੇ |
| **GURU NANAK GURDWARA SMETHWICK**<br>High Street, Smethwick | 4:00PM | ਗੁਰੂ ਨਾਨਕ ਗੁਰਦੁਆਰਾ<br>ਸਮੇਦਿਕ | ੪:੦੦ ਵਜੇ |

**GURDWARA GURU HAR RAI SAHIB - 0121 553 7219**
**GURU NANAK GURDWARA SMETHWICK - 0121 558 2527**

ਆਵਾਜ਼ਿ ਕੌਮ
AWAZE QAUM
International Newspaper & WEB TV


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ
AWAZE QAUM
International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar



ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ
ਪ੍ਰਕਾਸ਼ ਪੁਰਬ
ਨੂੰ ਸਮਰਪਿਤ ਸਮਾਗਮ ਗੁਰਦੁਆਰਾ ਸਿੰਘ ਸਭਾ ਘੱਗਾ ਵਿਖੇ
ਮਿਤੀ:-
25, ਅਤੇ 26 ਅਕਤੂਬਰ
ਸ਼ਾਮ 6 ਵਜੇ ਤੋਂ ਰਾਤ 9 ਵਜੇ ਤੱਕ
ਦੀਵਾਨ
27 ਅਕਤੂਬਰ ਨੂੰ
ਸਵੇਰੇ 9 ਵਜੇ ਤੋਂ ਸਵੇਰੇ 11:30 ਵਜੇ ਤੱਕ
ਸਮਾਗਮ
ਬਾਬਾ ਸੁਖਵਿੰਦਰ ਸਿੰਘ ਜੀ (ਘੱਗੇ ਵਾਲੇ)
ਗਿਆਨੀ ਰਵਿੰਦਰ ਸਿੰਘ (ਦਮਦਮੀ ਟਕਸਾਲ)
ਗਿਆਨੀ ਜਗਜੀਤ ਸਿੰਘ ਜੀ (ਹੈੱਡ ਗ੍ਰੰਥੀ ਗੁ: ਨਾਢਾ ਸਾਹਿਬ)
ਗਿਆਨੀ ਜਸਵੀਰ ਸਿੰਘ ਜੀ (ਖਤਰ)
ਬਾਬਾ ਬਲਜੀਤ ਸਿੰਘ ਜੀ (ਫੱਕਰ)
ਬਾਬਾ ਦਰਸ਼ਨ ਸਿੰਘ ਜੀ
ਗਿਆਨੀ ਦਇਆ ਸਿੰਘ ਜੀ
ਭਾਈ ਗੁਰਸੇਵਕ ਸਿੰਘ ਰੰਗੀਲਾ ਜੀ (ਹਜ਼ੂਰੀ ਜੱਥਾ ਗੁ: ਦਾਦੂ ਸਾਹਿਬ)
ਬਾਬਾ ਦਲਜੀਤ ਸਿੰਘ ਜੀ (ਬਰਾਸ ਵਾਲੇ)
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਆਪ ਜੀ ਨੇ ਇਹਨਾਂ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।
ਮੋ. 90411-47540, 90413-28422, 91150-66349
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਅਤੇ ਸਮੂਹ ਸਾਧਸੰਗਤ, ਘੱਗਾ




7ਵਾਂ ਸਾਲਾਨਾ ਗੁਰਮਤਿ ਸਮਾਗਮ
ਪਿੰਡ ਸੰਗਤਪੁਰਾ ਮੋਹਾਲੀ
21 ਤੋਂ 25 ਅਕਤੂਬਰ 2026
ਸਮਾ: ਸ਼ਾਮ 6 ਤੋਂ 10 ਵਜੇ ਤੱਕ
ਦਸਤਾਰ ਬੰਦੀ ਮੁਕਾਬਲੇ
23 ਅਕਤੂਬਰ 2026 ਸਵੇਰੇ 10 ਵਜੇ
ਲੰਬੇ ਕੇਸ ਮੁਕਾਬਲੇ
ਅੰਮ੍ਰਿਤ ਸੰਚਾਰ
25 ਅਕਤੂਬਰ, ਸ਼ਾਮ 5 ਵਜੇ
ਸੰਗਤਾਂ ਲਈ ਬੱਸਾਂ ਦੀ ਸੇਵਾ ਮੁਫ਼ਤ ਲਗਾਈ ਜਾਵੇਗੀ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਖ਼ੂਨਦਾਨ ਕੈਂਪ
23 ਅਕਤੂਬਰ, ਸਵੇਰੇ 10 ਵਜੇ
ਮੈਡੀਕਲ ਕੈਂਪ
5 ਦਿਨ
DARVESH TV
LIVE ON
ਸੰਪਰਕ :-
62845-76824
94642-46744
SCAN FOR LOCATION
ਬਾਬਾ ਇਸ਼ਰ ਸਿੰਘ ਜੀ
ਸੰਗਤਪੁਰੇ ਵਾਲੇ
ਵਿਸ਼ੇਸ਼ ਹਾਜ਼ਰੀ
ਸੰਤ ਬਾਬਾ ਗੁਲਾਬ ਸਿੰਘ ਜੀ
ਸ੍ਰੀ ਚਮਕੌਰ ਸਾਹਿਬ ਵਾਲੇ
ਬੇਨਤੀ ਕਰਤਾ :- ਬਾਬਾ ਇਸ਼ਰ ਸਿੰਘ ਜੀ ਸੰਗਤਪੁਰੇ ਵਾਲੇ ਅਤੇ ਸਮੂਹ ਇਲਾਕਾ ਨਿਵਾਸੀ ਪਿੰਡ ਸੰਗਤਪੁਰਾ

**ਅਸੁਰ ਸੰਘਾਰਬੇ ਕਉ, ਦੁਰਜਨ ਕੇ ਮਾਰਬੇ ਕਉ, ਪਤਿਤ ਉਧਾਰਬੇ ਕਉ ਖਾਲਸਾ ਬਨਾਯੋ ਹੈ।**

ਅਖੰਡ ਕੀਰਤਨੀ ਜੱਥੇ ਦੇ ਇਸ ਮਹਾਨ ਗੁਰਮੁਖ ਯੋਧੇ ਦੀ ਨਿਡਰਤਾ, ਸਿਦਕ ਅਤੇ ਪੰਥਕ ਵਚਨਬੱਧਤਾ ਸਦਾ ਸਿੱਖ ਕੌਮ ਲਈ ਪ੍ਰੇਰਣਾ ਦਾ ਚਾਨਣ ਬਣੀ ਰਹੇਗੀ। ਆਓ 15 ਅਕਤੂਬਰ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਵੱਧ ਤੋਂ ਵੱਧ ਗੁਰਦੁਆਰਿਆਂ ਵਿੱਚ ਕੀਰਤਨ, ਢਾਡੀ, ਕਵੀਸ਼ਰੀ ਤੇ ਕਵੀ ਦਰਬਾਰ ਸਜਾ ਕੇ ਇਸ ਮਹਾਨ ਸ਼ਹਾਦਤ ਨੂੰ ਸਿਜਦਾ ਕਰੀਏ। ਉਨ੍ਹਾਂ ਦੀ ਯਾਦ ਨੂੰ ਸੱਚੀ ਸ਼ਰਧਾਂਜਲੀ ਇਹ ਹੋਵੇਗੀ ਕਿ ਅਸੀਂ ਪ੍ਰਣ ਕਰੀਏ ਕਿ ਅਸੀਂ ਸਾਰੇ ਆਪਣੀਆਂ ਅੰਤਮ ਸਵਾਸਾਂ ਤੱਕ ਖਾਲਸਾਈ ਹਲੇਮੀ ਰਾਜ ਪ੍ਰਾਪਤ ਕਰਨ ਲਈ ਜਤਨਸ਼ੀਲ ਰਹਾਂਗੇ, ਭਾਵੇਂ ਸਾਡੇ ਸਿਰਾਂ 'ਤੇ ਆਰੇ ਚੱਲਣ, ਭਾਵੇਂ ਸਾਨੂੰ ਦੇਗਾਂ ਵਿੱਚ ਉਬਾਲਿਆ ਜਾਵੇ, ਭਾਵੇਂ ਸਾਨੂੰ ਚਰਖੜੀਆਂ 'ਤੇ ਚੜ੍ਹਾਇਆ ਜਾਵੇ, ਭਾਵੇਂ ਸਾਡੇ ਖੋਪਰ ਲਾ ਦਿੱਤੇ ਜਾਣ, ਅਸੀਂ ਖਾਲਸਾਈ ਹਲੇਮੀ ਰਾਜ ਦੀ ਪ੍ਰਾਪਤੀ ਤੱਕ ਸੰਘਰਸ਼ਸ਼ੀਲ ਰਹਾਂਗੇ।



ਸ਼ਹਾਦਤ ਦਿਹਾੜਾ 15 ਅਕਤੂਬਰ 1992

ਆਵਾਜ਼ਿ ਕੌਮ AWAZE QAUM International Newspaper & WEB TV

# ਬੱਬਰ ਖਾਲਸਾ ਦੇ ਬਾਨੀ ਜਥੇਦਾਰ ਭਾਈ ਤਲਵਿੰਦਰ ਸਿੰਘ ਪਰਮਾਰ

## ਦੀ ਸ਼ਹਾਦਤ ਨੂੰ ਕੋਟਿ ਕੋਟਿ ਪ੍ਰਣਾਮ



ਗੁਰੂ ਪੰਥ ਦਾ ਸੇਵਾਦਾਰ

## ਪਰਮਜੀਤ ਸਿੰਘ ਭਿਓਰਾ

ਨਜ਼ਰਬੰਦ ਬੁੜੈਲ ਜੇਲ੍ਹ ਚੰਡੀਗੜ੍ਹ

### ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟੇ ਦੇ ਕਤਲ ਦੀ

# ਜਥੇਦਾਰ ਦਾਦੂਵਾਲ ਵੱਲੋਂ ਸਖ਼ਤ ਨਿੰਦਾ, ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ



**☛ ਨਸ਼ਿਆਂ ਵਿਰੁੱਧ ਲੜਨ ਵਾਲੇ ਨੌਜਵਾਨਾਂ ਦੀ ਸੁਰੱਖਿਆ ਯਕੀਨੀ ਬਣਾਵੇ ਪੰਜਾਬ ਸਰਕਾਰ- ਜਥੇਦਾਰ ਬਲਜੀਤ ਸਿੰਘ ਦਾਦੂਵਾਲ ☛ ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਮਿਲੇ ਇਨਸਾਫ਼, ਕਤਲ ਦੀ ਨਿਰਪੱਖ ਜਾਂਚ ਕਰਵਾ ਕੇ ਦੋਸ਼ੀਆਂ ਨੂੰ ਦਿੱਤੀਆਂ ਜਾਣ ਸਖ਼ਤ ਸਜ਼ਾਵਾਂ- ਦਾਦੂਵਾਲ**



**ਤਲਵੰਡੀ ਸਾਬੋ, 13 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਮਾਨਸਾ ਵਿਖੇ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਵਾਲੇ ਨੌਜਵਾਨ ਪਰਵਿੰਦਰ ਸਿੰਘ ਝੋਟੇ ਦੇ ਗੋਲੀਆਂ ਮਾਰ ਕੇ ਕੀਤੇ ਗਏ ਕਥਿਤ ਕਤਲ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਘਟਨਾ ਨੂੰ ਅਤਿਅੰਤ ਦੁਖਦਾਈ ਅਤੇ ਚਿੰਤਾਜਨਕ ਦੱਸਿਆ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਪਹਿਲਾਂ ਹੀ ਨਸ਼ਿਆਂ ਦੀ ਭਿਆਨਕ ਦਲਦਲ ਵਿੱਚ ਫਸ ਕੇ ਆਪਣਾ ਭਵਿੱਖ ਬਰਬਾਦ ਕਰ ਰਹੀ ਹੈ। ਅਜਿਹੇ ਹਾਲਾਤ ਵਿੱਚ ਜਿਹੜੇ ਨੌਜਵਾਨ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਦੇ ਹਨ ਅਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਸੰਘਰਸ਼ ਕਰਦੇ ਹਨ, ਉਨ੍ਹਾਂ ਦੀ ਸੁਰੱਖਿਆ ਕਰਨਾ ਸਰਕਾਰ ਅਤੇ ਪ੍ਰਸ਼ਾਸਨ ਦੀ ਮੁੱਢਲੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਨ ਵਾਲੀਆਂ ਆਵਾਜ਼ਾਂ ਨੂੰ ਗੋਲੀਆਂ ਨਾਲ ਦਬਾਉਣ ਦੀ ਕਿਸੇ ਵੀ ਕੋਸ਼ਿਸ਼ ਨੂੰ ਬਰਦਾਸ਼ਤ ਨਹੀਂ ਕੀਤਾ ਜਾਣਾ ਚਾਹੀਦਾ। ਜੇਕਰ ਸਮਾਜ ਸੁਧਾਰ ਲਈ ਕੰਮ ਕਰਨ ਵਾਲੇ ਨੌਜਵਾਨ ਹੀ ਸੁਰੱਖਿਅਤ ਨਹੀਂ ਰਹਿਣਗੇ ਤਾਂ ਆਮ ਲੋਕ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਆਵਾਜ਼ ਉਠਾਉਣ ਤੋਂ ਡਰਨਗੇ। ਜਥੇਦਾਰ ਦਾਦੂਵਾਲ ਨੇ ਪੰਜਾਬ ਦੇ ਮੁੱਖ ਮੰਤਰੀ ਅਤੇ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਮਾਮਲੇ ਦੀ ਉੱਚ ਪੱਧਰੀ, ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਈ ਜਾਵੇ। ਘਟਨਾ ਲਈ ਜ਼ਿੰਮੇਵਾਰ ਵਿਅਕਤੀਆਂ ਨੂੰ ਤੁਰੰਤ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ ਅਤੇ ਅਦਾਲਤ ਰਾਹੀਂ ਸਖ਼ਤ ਤੋਂ ਸਖ਼ਤ ਸਜ਼ਾਵਾਂ ਦਿਵਾਈਆਂ ਜਾਣ। ਉਨ੍ਹਾਂ ਕਿਹਾ ਕਿ ਇਸ ਘਟਨਾ ਪਿੱਛੇ ਜੇਕਰ ਕੋਈ ਵੱਡੀ ਸਾਜ਼ਿਸ਼ ਜਾਂ ਨਸ਼ਾ ਤਸਕਰੀ ਨਾਲ ਜੁੜੇ ਅਨਸਰਾਂ ਦੀ ਭੂਮਿਕਾ ਸਾਹਮਣੇ ਆਉਂਦੀ ਹੈ ਤਾਂ ਉਨ੍ਹਾਂ ਖ਼ਿਲਾਫ਼ ਵੀ ਬਿਨਾਂ ਕਿਸੇ ਸਿਆਸੀ ਦਬਾਅ ਜਾਂ ਪੱਖਪਾਤ ਦੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਜਥੇਦਾਰ ਦਾਦੂਵਾਲ ਨੇ ਕਿਹਾ ਕਿ ਪੰਜਾਬ ਗੁਰੂਆਂ, ਪੀਰਾਂ, ਸ਼ਹੀਦਾਂ ਅਤੇ ਸੂਰਬੀਰਾਂ ਦੀ ਧਰਤੀ ਹੈ। ਇਸ ਧਰਤੀ ਦੀ ਨੌਜਵਾਨੀ ਨੂੰ ਨਸ਼ਿਆਂ ਤੋਂ ਬਚਾਉਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਸਮੂਹ ਧਾਰਮਿਕ, ਸਮਾਜਿਕ ਅਤੇ ਪੰਥਕ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਿਰੁੱਧ ਇਕਜੁੱਟ ਹੋ ਕੇ ਲੋਕ ਲਹਿਰ ਖੜ੍ਹੀ ਕਰਨ। ਉਨ੍ਹਾਂ ਅੱਗੇ ਕਿਹਾ ਕਿ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲੇ ਨੌਜਵਾਨ ਸਮਾਜ ਦੇ ਦੁਸ਼ਮਣ ਨਹੀਂ, ਸਗੋਂ ਸਮਾਜ ਦੇ ਰਾਖੇ ਹਨ। ਅਜਿਹੇ ਨੌਜਵਾਨਾਂ ਦਾ ਹੌਸਲਾ ਵਧਾਉਣ ਦੀ ਲੋੜ ਹੈ ਤਾਂ ਜੋ ਪੰਜਾਬ ਦੀ ਆਉਣ ਵਾਲੀ ਪੀੜ੍ਹੀ ਨੂੰ ਨਸ਼ਿਆਂ ਦੇ ਕਹਿਰ ਤੋਂ ਬਚਾਇਆ ਜਾ ਸਕੇ। ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨਾਲ ਡੂੰਘੇ ਦੁੱਖ ਅਤੇ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪਰਿਵਾਰ ਨੂੰ ਇਨਸਾਫ਼ ਦਿਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੀੜਤ ਪਰਿਵਾਰ ਨੂੰ ਹਰ ਸੰਭਵ ਸਹਾਇਤਾ ਦਿੱਤੀ ਜਾਣੀ ਚਾਹੀਦੀ ਹੈ ਅਤੇ ਪਰਿਵਾਰ ਦੀ ਸੁਰੱਖਿਆ ਵੀ ਯਕੀਨੀ ਬਣਾਈ ਜਾਵੇ। ਅਖੀਰ ਵਿੱਚ ਜਥੇਦਾਰ ਦਾਦੂਵਾਲ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਸਖ਼ਤ ਕਦਮ ਚੁੱਕਣ ਦੀ ਲੋੜ ਹੈ। ਸੂਬੇ ਵਿੱਚ ਅਮਨ-ਸ਼ਾਂਤੀ ਅਤੇ ਕਾਨੂੰਨ ਵਿਵਸਥਾ ਕਾਇਮ ਰੱਖਣ ਲਈ ਸਰਕਾਰ ਨੂੰ ਠੋਸ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟੇ ਦੇ ਪਰਿਵਾਰ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ ਅਤੇ ਨਸ਼ਿਆਂ ਵਿਰੁੱਧ ਉੱਠਣ ਵਾਲੀ ਹਰ ਆਵਾਜ਼ ਦੀ ਰਾਖੀ ਹੋਣੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਰਨਪ੍ਰੀਤ ਸਿੰਘ ਕਾਤਰੋਂ

# ਪ੍ਰੋ. ਓਕਾਰ ਸਿੰਘ ਸਿੱਧੂ ਦੀ ਅਗਵਾਈ ਹੇਠ ਬੀਜੇਪੀ 'ਚ ਸ਼ਾਮਿਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀਆਂ ਲੋਕ ਭਲਾਈ ਨੀਤੀਆਂ ਤੋਂ ਖੁਸ਼ ਹੋ ਕੇ ਲੋਕ ਆਪ ਮੁਹਾਰੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਿਲ ਹੋ ਰਹੇ ਹਨ। ਇਸੇ ਹੀ ਤਹਿਤ ਵਿਧਾਨ ਸਭਾ ਹਲਕਾ ਧੂਰੀ ਤੋਂ ਪਾਰਟੀ ਦੇ ਪ੍ਰਮੁੱਖ ਉਮੀਦਵਾਰ ਹੋਕੇ ਸਮਾਜ ਸੇਵੀ ਪ੍ਰੋਫੈਸਰ ਓੰਕਾਰ ਸਿੰਘ ਸਿੱਧੂ ਦੀ ਅਗਵਾਈ ਦੇ ਹੇਠ ਪਿੰਡ ਕਾਤਰੋਂ ਤੋਂ ਨੌਜਵਾਨ ਸਰਨਪ੍ਰੀਤ ਸਿੰਘ ਕਾਤਰੋਂ ਆਪਣੇ ਸਾਥੀਆਂ ਸਮੇਤ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਏ। ਇਸ ਮੌਕੇ ਜਰਨਲ ਸਕੱਤਰ ਪੰਜਾਬ ਸ੍ਰੀ ਜੀਵਨ ਗਰਗ ਜੀ ਅਤੇ ਜ਼ਿਲ੍ਹਾ ਪ੍ਰਧਾਨ ਸ੍ਰੀ ਸਰਜੀਵਨ ਜਿੰਦਲ ਨੇ ਪਾਰਟੀ ਵਿੱਚ ਸ਼ਾਮਿਲ ਕਰਕੇ ਵਿਸ਼ੇਸ਼ ਸਨਮਾਨ ਕੀਤਾ। ਇਸ ਮੌਕੇ ਗਿਆਨ ਸਿੰਘ ਮਾਨ, ਸਤਵੰਤ ਸਿੰਘ ਪੂਨੀਆ, ਜਗਦੇਵ ਜਿੰਦਲ ਜੱਗਾ, ਅਸੀਸ ਗਰਗ ਮੰਡਲ ਪ੍ਰਧਾਨ, ਨਿਰਭੈ ਸਿੰਘ ਫਤਿਹਗੜ ਛੰਨਾ, ਪਰਮਜੀਤ ਸਿੰਘ ਭਿੰਦੀ , ਨਰਪਿੰਦਰ ਸਿੰਘ ਗੋਰਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਗਿਆਸਪੁਰਾ ਦੀ ਭਕਾਈ ਪਿੱਛੇ ਕੇਜਰੀਵਾਲ ਦੀ ਸਿੱਖ ਵਿਰੋਧੀ ਮਾਨਸਿਕਤਾ : ਪ੍ਰੋ. ਸਰਚਾਂਦ ਸਿੰਘ ਖਿਆਲਾ

### ਸ਼੍ਰੋਮਣੀ ਕਮੇਟੀ ਗਿਆਸਪੁਰਾ ਵਿਰੁੱਧ ਢੁਕਵੀਂ ਕਾਨੂੰਨੀ ਕਾਰਵਾਈ ਕਰੇ



**ਅੰਮ੍ਰਿਤਸਰ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਆਮ ਆਦਮੀ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦੀ ਬਿਆਨਬਾਜ਼ੀ 'ਤੇ ਤਿੱਖਾ ਪ੍ਰਤੀਕਰਮ ਪ੍ਰਗਟ ਕਰਦਿਆਂ ਕਿਹਾ ਕਿ ਸਿੱਖ ਸੰਸਥਾਵਾਂ ਨੂੰ ਸਿਆਸੀ ਵਿਵਾਦਾਂ ਵਿੱਚ ਘਸੀਟਣ ਵਾਲੀ ਉਨ੍ਹਾਂ ਦੀ ਮੌਜੂਦਾ ਪਹੁੰਚ ਕੇਜਰੀਵਾਲ ਤੇ ਭਗਵੰਤ ਮਾਨ ਦੀ ਰਾਜਨੀਤੀ ਅਤੇ ਸਿੱਖ ਵਿਰੋਧੀ ਮਾਨਸਿਕਤਾ ਦਾ ਹਿੱਸਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਨੂੰ ਕਥਿਤ 'ਬਲਾਤਕਾਰੀਆਂ ਦਾ ਅੱਡਾ' ਕਹਿਣ ਵਰਗੀ ਅਤਿ-ਅਪਮਾਨਜਨਕ ਸ਼ਬਦਾਵਲੀ ਸਿੱਖ ਪੰਥ ਦੀ ਸਰਵਉੱਚ ਸੰਸਥਾ ਦੀ ਮਾਣ-ਮਰਿਆਦਾ 'ਤੇ ਸਿੱਧਾ ਹਮਲਾ ਹੈ, ਜਿਸ ਨੇ ਸਿੱਖ ਹਿਰਦਿਆਂ ਨੂੰ ਗਹਿਰੀ ਠੇਸ ਪਹੁੰਚਾਈ ਹੈ। ਸਿਆਸੀ ਵਿਰੋਧ ਜਾਂ ਕਿਸੇ ਵਿਅਕਤੀ ਨਾਲ ਮਤਭੇਦ ਆਪਣੀ ਥਾਂ ਹਨ, ਪਰ ਉਨ੍ਹਾਂ ਦੀ ਆੜ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਲਈ ਅਜਿਹੀ ਭਾਸ਼ਾ ਵਰਤਣੀ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਮੰਗ ਕੀਤੀ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਬਿਆਨ ਸਬੰਧੀ ਸਬੂਤਾਂ ਦੀ ਪੜਤਾਲ ਕਰਕੇ ਗਿਆਸਪੁਰਾ ਵਿਰੁੱਧ ਢੁਕਵੀਂ ਕਾਨੂੰਨੀ ਕਾਰਵਾਈ ਕਰੇ ਅਤੇ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਧਿਆਨ ਵਿੱਚ ਵੀ ਲਿਆਂਦਾ ਜਾਵੇ। ਪ੍ਰੋ. ਖਿਆਲਾ ਨੇ ਕਿਹਾ ਕਿ ਹੋਂਦ ਚਿੱਲੜ (ਹਰਿਆਣਾ) ਸਿੱਖ ਕਤਲੇਆਮ ਨੂੰ ਦੁਨੀਆ ਸਾਹਮਣੇ ਲਿਆਉਣ ਕਾਰਨ ਸਿੱਖ ਕੌਮ ਵਿੱਚ ਸਤਿਕਾਰ ਹਾਸਲ ਕਰਨ ਵਾਲੇ ਗਿਆਸਪੁਰਾ ਦਾ ਸਿਆਸੀ ਲਾਲਸਾਵਾਂ ਅਧੀਨ ਪੰਥਕ ਸਰੋਕਾਰਾਂ ਤੋਂ ਥਿੜਕਣਾ ਅਫ਼ਸੋਸਨਾਕ ਹੈ। ਉਨ੍ਹਾਂ ਕਿਹਾ ਕਿ ਜਦੋਂ ਹੋਰ ਅਨੁਸੂਚਿਤ ਜਾਤੀ ਨਾਲ ਸਬੰਧਤ ਵਿਧਾਇਕਾਂ ਨੂੰ ਉਸੇ ਸਕੱਤਰੇਤ ਵਿੱਚ ਮਿਲਣ ਦਾ ਮੌਕਾ ਮਿਲਿਆ ਹੈ, ਤਾਂ ਗਿਆਸਪੁਰਾ ਵੱਲੋਂ ਮੁਲਾਕਾਤ ਨਾ ਹੋਣ ਨੂੰ ਜਾਤੀ ਵਿਤਕਰੇ ਨਾਲ ਜੋੜ ਕੇ ਪੇਸ਼ ਕਰਨਾ ਵੀ ਗੰਭੀਰ ਮਾਮਲਾ ਹੈ। ਜੇਕਰ ਗਿਆਸਪੁਰਾ ਕੋਲ ਜਾਤੀਸੂਚਕ ਟਿੱਪਣੀ ਜਾਂ ਵਿਤਕਰੇ ਦਾ ਕੋਈ ਸਬੂਤ ਹੈ ਤਾਂ ਉਹ ਸਾਹਮਣੇ ਲਿਆਵੇ, ਪਰ ਬਿਨਾਂ ਸਬੂਤ ਸਿੱਖ ਸੰਸਥਾਵਾਂ 'ਤੇ ਜਾਤੀਵਾਦ ਦੇ ਦੋਸ਼ ਮੜ੍ਹਨੇ ਉਚਿਤ ਨਹੀਂ। ਇਸ ਪੱਖ ਨੂੰ ਵੀ ਨਿਰਪੱਖ ਜਾਂਚ ਦੌਰਾਨ ਵਿਚਾਰਿਆ ਜਾਣਾ ਚਾਹੀਦਾ ਹੈ। ਜਾਤੀ ਵਿਤਕਰਾ ਇੱਕ ਗੰਭੀਰ ਸਮਾਜਿਕ ਮੁੱਦਾ ਹੈ, ਜਿਸ ਨੂੰ ਸਿਆਸੀ ਹਥਿਆਰ ਬਣਾਉਣ ਦੀ ਬਜਾਏ ਤੱਥਾਂ ਦੇ ਆਧਾਰ 'ਤੇ ਨਜਿੱਠਿਆ ਜਾਣਾ ਚਾਹੀਦਾ ਹੈ। ਇਸੇ ਤਰ੍ਹਾਂ ਸ਼੍ਰੋਮਣੀ ਕਮੇਟੀ ਵਿੱਚ ਨੌਕਰੀ ਸਬੰਧੀ ਲਾਏ ਜਾਂਦੇ ਵਿਤਕਰੇ ਦੇ ਦੋਸ਼ ਵੀ ਤੱਥਾਂ ਅਤੇ ਸਬੂਤਾਂ ਨਾਲ ਸਾਬਤ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸਿੱਖ ਸੰਸਥਾਵਾਂ ਦੀਆਂ ਕਮੀਆਂ 'ਤੇ ਸਵਾਲ ਉਠਾਉਣਾ ਹਰ ਕਿਸੇ ਦਾ ਹੱਕ ਹੈ, ਪਰ ਸੁਧਾਰ ਦੀ ਆੜ ਵਿੱਚ ਸੰਸਥਾਵਾਂ ਦਾ ਅਪਮਾਨ ਕਰਨਾ ਅਤੇ ਸਿੱਖ ਸੰਗਤ ਵਿੱਚ ਭਰਮ ਪੈਦਾ ਕਰਨਾ ਵਾਜਬ ਨਹੀਂ। ਗਿਆਸਪੁਰਾ ਨੂੰ ਆਪਣੇ ਪੰਥਕ ਪਿਛੋਕੜ ਦੀ ਮਰਿਆਦਾ ਨੂੰ ਧਿਆਨ ਵਿੱਚ ਰੱਖਦਿਆਂ ਆਪਣੀ ਬਿਆਨਬਾਜ਼ੀ ਦੀ ਜਵਾਬਦੇਹੀ ਤੈਅ ਕਰਨੀ ਚਾਹੀਦੀ ਹੈ। ਪ੍ਰੋ. ਖਿਆਲਾ ਨੇ ਜ਼ੋਰ ਦੇ ਕੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਕਿਸੇ ਪਾਰਟੀ ਜਾਂ ਆਗੂ ਦੀ ਸਿਆਸੀ ਲੜਾਈ ਦਾ ਮੈਦਾਨ ਨਹੀਂ, ਸਗੋਂ ਸਿੱਖ ਪੰਥ ਦੀ ਸਰਵਉੱਚ ਸੰਸਥਾ ਹੈ। ਇਸ ਦੀ ਮਾਣ-ਮਰਿਆਦਾ ਨਾਲ ਜੁੜੇ ਮਾਮਲਿਆਂ ਵਿੱਚ ਨਾ ਦੋਹਰੇ ਮਾਪਦੰਡ ਹੋਣੇ ਚਾਹੀਦੇ ਹਨ ਅਤੇ ਨਾ ਹੀ ਸਿਆਸੀ ਦਬਾਅ ਅੱਗੇ ਝੁਕਣਾ ਚਾਹੀਦਾ ਹੈ। ਸ਼੍ਰੋਮਣੀ ਕਮੇਟੀ ਨੂੰ ਗਿਆਸਪੁਰਾ ਦੀ ਅਪਮਾਨਜਨਕ ਬਿਆਨਬਾਜ਼ੀ ਦੇ ਮਾਮਲੇ ਵਿੱਚ ਕਾਨੂੰਨੀ ਪੱਖੋਂ ਬਣਦੀ ਕਾਰਵਾਈ ਕਰਨੀ ਚਾਹੀਦੀ ਹੈ, ਜਦਕਿ ਮਰਿਆਦਾ ਦੀ ਉਲੰਘਣਾ ਸਬੰਧੀ ਫ਼ੈਸਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਰੰਪਰਾ ਅਤੇ ਅਧਿਕਾਰ ਖੇਤਰ ਅਨੁਸਾਰ ਹੋਣਾ ਚਾਹੀਦਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਗੁਰਦੁਆਰਾ ਬੰਗਲਾ ਸਾਹਿਬ ਦੇ ਮਾਮਲੇ ਵਿੱਚ ਵੀ ਧਾਰਮਿਕ ਅਸਥਾਨ ਦੀ ਮਰਿਆਦਾ ਅਤੇ ਸਿਆਸੀ ਸਰਗਰਮੀ ਵਿਚਲਾ ਫ਼ਰਕ ਕਾਇਮ ਰੱਖਣਾ ਲਾਜ਼ਮੀ ਹੈ। ਗੁਰਦੁਆਰਾ ਸਾਹਿਬਾਨ ਨੂੰ ਸਿਆਸੀ ਪ੍ਰਦਰਸ਼ਨ ਜਾਂ ਨਾਅਰੇਬਾਜ਼ੀ ਦਾ ਮੰਚ ਬਣਾਉਣ ਦੀ ਬਜਾਏ ਮਰਿਆਦਾ ਅਤੇ ਨਿਯਮਾਂ ਦਾ ਪਾਲਣ ਕੀਤਾ ਜਾਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਪਰਮਿੰਦਰ ਸਿੰਘ ਝੋਟਾ ਦੇ ਕਤਲ ਨੇ ਨਸ਼ਾ ਵਿਰੋਧੀ ਲੜਾਈ ਦੀ ਰੀੜ੍ਹ 'ਤੇ ਮਾਰਿਆ ਵਾਰ: ਪਰਮਜੀਤ ਸਿੰਘ ਵੀਰਜੀ

### ਨਸ਼ਾ ਮਾਫੀਆ ਅੱਗੇ ਸਰਕਾਰਾਂ ਬੇਵੱਸ ਕਿਉਂ? ਕਾਤਲ ਹੀ ਨਹੀਂ, ਸਾਜ਼ਿਸ਼ ਦੇ ਪਿੱਛੇ ਖੜ੍ਹੇ ਚਿਹਰੇ ਵੀ ਕੀਤੇ ਜਾਣ ਬੇਨਕਾਬ



ਨਵੀਂ ਦਿੱਲੀ 13 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਪਰਮਿੰਦਰ ਸਿੰਘ ਝੋਟਾ ਦੇ ਕਤਲ ਨੇ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਵੱਡਾ ਝਟਕਾ ਦਿੱਤਾ ਹੈ। ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁਖੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਇਸ ਘਟਨਾ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਜੇ ਨਸ਼ਿਆਂ ਵਿਰੁੱਧ ਆਵਾਜ਼ ਚੁੱਕਣ ਵਾਲਿਆਂ ਨੂੰ ਹੀ ਮੌਤ ਦੇ ਘਾਟ ਉਤਾਰ ਦਿੱਤਾ ਜਾਵੇ ਤਾਂ ਇਹ ਸਿਰਫ਼ ਕਾਨੂੰਨ-ਵਿਵਸਥਾ ਦੀ ਨਾਕਾਮੀ ਨਹੀਂ, ਸਗੋਂ ਪੂਰੇ ਤੰਤਰ ਲਈ ਸ਼ਰਮਨਾਕ ਸਵਾਲ ਹੈ। ਉਨ੍ਹਾਂ ਕਿਹਾ ਕਿ ਝੋਟਾ ਕਤਲ ਕਾਂਡ ਨੂੰ ਕਿਸੇ ਆਮ ਅਪਰਾਧ ਵਾਂਗ ਦੇਖ ਕੇ ਫਾਈਲ ਬੰਦ ਕਰਨ ਦੀ ਕੋਸ਼ਿਸ਼ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ। ਸਵਾਲ ਸਿਰਫ਼ ਇਹ ਨਹੀਂ ਕਿ ਗੋਲੀ ਕਿਸ ਨੇ ਚਲਾਈ—ਵੱਡਾ ਸਵਾਲ ਇਹ ਹੈ ਕਿ ਇਸ ਕਤਲ ਦੇ ਪਿੱਛੇ ਕੌਣ ਸੀ, ਕਿਸ ਨੇ ਹੌਸਲਾ ਦਿੱਤਾ ਅਤੇ ਕਿਹੜੀਆਂ ਤਾਕਤਾਂ ਇਸ ਸਾਜ਼ਿਸ਼ ਨੂੰ ਚਲਾ ਰਹੀਆਂ ਸਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਹਰ ਕੜੀ ਜੋੜ ਕੇ ਅਸਲ ਸਾਜ਼ਿਸ਼ਕਾਰਾਂ ਤੱਕ ਪਹੁੰਚਣਾ ਪਵੇਗਾ। ਪਰਮਜੀਤ ਸਿੰਘ ਵੀਰਜੀ ਨੇ ਪੰਜਾਬ ਸਰਕਾਰ ਦੇ ਨਾਲ ਕੇਂਦਰ ਸਰਕਾਰ ਨੂੰ ਵੀ ਘੇਰਦਿਆਂ ਕਿਹਾ ਕਿ ਨਸ਼ਿਆਂ ਦਾ ਜਾਲ ਕਿਸੇ ਇੱਕ ਸਰਕਾਰ ਦੀ ਹੱਦ ਵਿੱਚ ਬੱਝਿਆ ਹੋਇਆ ਮੁੱਦਾ ਨਹੀਂ। ਜਦੋਂ ਨਸ਼ਾ ਸਰਹੱਦਾਂ ਪਾਰ ਕਰਕੇ ਪੰਜਾਬ ਦੀ ਨੌਜਵਾਨੀ ਨੂੰ ਨਿਗਲ ਰਿਹਾ ਹੈ ਤਾਂ ਕੇਂਦਰ ਅਤੇ ਰਾਜ—ਦੋਵਾਂ ਨੂੰ ਆਪਣੀ ਜਵਾਬਦੇਹੀ ਤੈਅ ਕਰਨੀ ਪਵੇਗੀ। ਉਨ੍ਹਾਂ ਕਿਹਾ ਕਿ ਸਿਰਫ਼ ਬਿਆਨਬਾਜ਼ੀ ਅਤੇ ਦਾਅਵਿਆਂ ਨਾਲ ਨਸ਼ਾ ਖਤਮ ਨਹੀਂ ਹੋਵੇਗਾ; ਇਸ ਦੇ ਪਿੱਛੇ ਕੰਮ ਕਰ ਰਹੇ ਪੂਰੇ ਨੈੱਟਵਰਕ 'ਤੇ ਕਾਨੂੰਨ ਦਾ ਸ਼ਿਕੰਜਾ ਕੱਸਣਾ ਪਵੇਗਾ। "ਪਰਮਿੰਦਰ ਸਿੰਘ ਝੋਟਾ ਦਾ ਕਤਲ ਇੱਕ ਚੇਤਾਵਨੀ ਹੈ—ਜੇ ਅੱਜ ਨਸ਼ਿਆਂ ਵਿਰੁੱਧ ਲੜਨ ਵਾਲੀ ਆਵਾਜ਼ ਨੂੰ ਚੁੱਪ ਕਰਵਾਇਆ ਗਿਆ ਹੈ ਤਾਂ ਕੱਲ੍ਹ ਹੋਰ ਕਿੰਨੀਆਂ ਆਵਾਜ਼ਾਂ ਨੂੰ ਨਿਸ਼ਾਨਾ ਬਣਾਇਆ ਜਾਵੇਗਾ?" ਵੀਰਜੀ ਨੇ ਸਵਾਲ ਕਰਦਿਆਂ ਕਿਹਾ ਕਿ ਸਰਕਾਰਾਂ ਨੂੰ ਲੋਕਾਂ ਅੱਗੇ ਸਪੱਸ਼ਟ ਕਰਨਾ ਪਵੇਗਾ ਕਿ ਉਹ ਨਸ਼ਾ ਮਾਫੀਆ ਦੇ ਨਾਲ ਖੜ੍ਹੀਆਂ ਹਨ ਜਾਂ ਪੰਜਾਬ ਦੀ ਨੌਜਵਾਨ ਪੀੜ੍ਹੀ ਦੇ ਨਾਲ। ਉਨ੍ਹਾਂ ਮੰਗ ਕੀਤੀ ਕਿ ਕਤਲ ਦੀ ਨਿਰਪੱਖ, ਡੂੰਘੀ ਅਤੇ ਸਮੇਂਬੱਧ ਜਾਂਚ ਕਰਵਾਈ ਜਾਵੇ ਅਤੇ ਕਾਤਲਾਂ ਤੋਂ ਲੈ ਕੇ ਸਾਜ਼ਿਸ਼ਕਾਰਾਂ ਤੱਕ ਹਰ ਚਿਹਰਾ ਬੇਨਕਾਬ ਕੀਤਾ ਜਾਵੇ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇ ਇਸ ਮਾਮਲੇ ਦੀ ਜਾਂਚ ਨੂੰ ਦਬਾਉਣ ਜਾਂ ਅਸਲ ਦੋਸ਼ੀਆਂ ਨੂੰ ਬਚਾਉਣ ਦੀ ਕੋਸ਼ਿਸ਼ ਹੋਈ ਤਾਂ ਇਹ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਲੜ ਰਹੇ ਹਰ ਵਿਅਕਤੀ ਦੇ ਹੌਸਲੇ 'ਤੇ ਵਾਰ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਐਡਮਿੰਟਨ ’ਚ ਖਾਲਿਸਤਾਨ ਦੇ ਝੰਡਿਆਂ ਨਾਲ ਗੂੰਜੀਆਂ ਸੜਕਾਂ

# ਸੈਂਕੜੇ ਕਾਰਾਂ ਦੇ ਕਾਫ਼ਲੇ ਨੇ ਦਿਖਾਈ ਵੱਡੀ ਸਰਗਰਮੀ








**ਨਵੀਂ ਦਿੱਲੀ, 13 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਕੈਨੇਡਾ ਦੇ ਐਡਮਿੰਟਨ, ਅਲਬਰਟਾ ਵਿੱਚ 11 ਅਕਤੂਬਰ ਨੂੰ ਹੋਈ ਖਾਲਿਸਤਾਨ ਫ਼੍ਰੀਡਮ ਕਾਰ ਰੈਲੀ ਨੇ 18 ਅਕਤੂਬਰ ਨੂੰ ਹੋਣ ਵਾਲੇ ਖਾਲਿਸਤਾਨ ਰੈਫਰੈਂਡਮ ਤੋਂ ਪਹਿਲਾਂ ਖਾਲਿਸਤਾਨ ਪੱਖੀ ਮੁਹਿੰਮ ਦੀ ਵੱਡੀ ਸਰਗਰਮੀ ਨੂੰ ਸਾਹਮਣੇ ਲਿਆਂਦਾ। ਦਿ ਮੀਡੋਜ਼ ਕਮਿਊਨਿਟੀ ਰੀਕ੍ਰੀਏਸ਼ਨ ਸੈਂਟਰ ਤੋਂ ਸ਼ੁਰੂ ਹੋਈ ਰੈਲੀ ਵਿੱਚ ਸੈਂਕੜੇ ਕਾਰਾਂ ਸ਼ਾਮਲ ਹੋਈਆਂ।ਖਾਲਿਸਤਾਨ ਦੇ ਝੰਡਿਆਂ ਨਾਲ ਸਜੀਆਂ ਕਾਰਾਂ ਦਾ ਲੰਮਾ ਕਾਫ਼ਲਾ ਐਡਮਿੰਟਨ ਦੀਆਂ ਵੱਖ-ਵੱਖ ਸੜਕਾਂ ਅਤੇ ਮੁੱਖ ਹਾਈਵੇਅ ਤੋਂ ਹੁੰਦਾ ਹੋਇਆ ਮੁੜ ਮੀਡੋਜ਼ ਸੈਂਟਰ ਪਹੁੰਚਿਆ। ਰੈਲੀ ਦੌਰਾਨ ਖਾਲਿਸਤਾਨ ਦੇ ਝੰਡਿਆਂ ਨਾਲ ਸਜੀਆਂ ਕਾਰਾਂ ਨੇ ਸ਼ਹਿਰ ਵਿੱਚੋਂ ਲੰਘਦਿਆਂ ਲੋਕਾਂ ਦਾ ਧਿਆਨ ਖਿੱਚਿਆ। ਪੰਥਕ ਬੁਲਾਰਿਆਂ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ 18 ਅਕਤੂਬਰ ਦੇ ਰੈਫਰੈਂਡਮ ਬਾਰੇ ਜਾਣਕਾਰੀ ਦਿੱਤੀ ਅਤੇ ਸਮਰਥਕਾਂ ਨੂੰ ਆਪਣੇ ਪਰਿਵਾਰਾਂ, ਦੋਸਤਾਂ ਅਤੇ ਜਾਣ-ਪਛਾਣ ਵਾਲਿਆਂ ਤੱਕ ਇਸ ਮੁਹਿੰਮ ਬਾਰੇ ਜਾਣਕਾਰੀ ਪਹੁੰਚਾਉਣ ਦੀ ਅਪੀਲ ਕੀਤੀ।

ਇਸ ਮੌਕੇ ਸਰੀ ਤੋਂ ਪਹੁੰਚੇ ਭਾਈ ਨਰਿੰਦਰ ਸਿੰਘ ਰੰਧਾਵਾ ਨੇ ਖਾਲਿਸਤਾਨ ਦੀ ਮੰਗ ਦੇ ਕਾਰਨਾਂ ਬਾਰੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਸਿੱਖਾਂ ਦੇ ਰਾਜਨੀਤਿਕ ਭਵਿੱਖ, ਹੱਕਾਂ ਅਤੇ ਪਛਾਣ ਨਾਲ ਜੁੜੇ ਸਵਾਲਾਂ ਨੂੰ ਸਿਰਫ਼ ਨਾਅਰਿਆਂ ਨਾਲ ਨਹੀਂ, ਸਗੋਂ ਇਤਿਹਾਸਕ ਅਤੇ ਰਾਜਨੀਤਿਕ ਪ੍ਰਸੰਗ ਵਿੱਚ ਸਮਝਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਖਾਲਿਸਤਾਨ ਦੀ ਮੰਗ ਨੂੰ ਸਮਝਣ ਲਈ ਇਹ ਦੇਖਣਾ ਜ਼ਰੂਰੀ ਹੈ ਕਿ ਸਿੱਖਾਂ ਵਿੱਚ ਇਹ ਵਿਚਾਰ ਕਿਹੜੇ ਕਾਰਨਾਂ ਕਰਕੇ ਪੈਦਾ ਹੋਇਆ ਅਤੇ ਸਮੇਂ ਦੇ ਨਾਲ ਇਸ ਨੇ ਕਿਹੜਾ ਰੂਪ ਧਾਰਿਆ। ਭਾਈ ਰੰਧਾਵਾ ਦੇ ਪ੍ਰਸਤਾਵਿਤ ਬਿਆਨ ਅਨੁਸਾਰ, ਸਵਾਲ ਸਿਰਫ਼ ਇੱਕ ਵੱਖਰੇ ਰਾਜ ਦੀ ਮੰਗ ਦਾ ਨਹੀਂ, ਸਗੋਂ ਇਹ ਵੀ ਹੈ ਕਿ ਸਿੱਖ ਆਪਣੀ ਰਾਜਨੀਤਿਕ ਪਛਾਣ, ਹੱਕਾਂ ਅਤੇ ਭਵਿੱਖ ਬਾਰੇ ਖੁਦ ਫੈਸਲਾ ਕਰਨ ਦਾ ਅਧਿਕਾਰ ਕਿਵੇਂ ਦੇਖਦੇ ਹਨ। ਜੇਕਰ ਕਿਸੇ ਮਸਲੇ ਨੂੰ ਲਗਾਤਾਰ ਦਬਾਉਣ ਦੀ ਕੋਸ਼ਿਸ਼ ਕੀਤੀ ਜਾਵੇ ਤਾਂ ਉਹ ਖ਼ਤਮ ਨਹੀਂ ਹੁੰਦਾ; ਸਗੋਂ ਉਸ ਬਾਰੇ ਚਰਚਾ ਹੋਰ ਤੇਜ਼ ਹੁੰਦੀ ਹੈ। ਇਸੇ ਲਈ ਖਾਲਿਸਤਾਨ ਦੇ ਮੁੱਦੇ ਨੂੰ ਸਮਝਣ ਲਈ ਸਿੱਖਾਂ ਦੀਆਂ ਇਤਿਹਾਸਕ ਯਾਦਾਂ, ਰਾਜਨੀਤਿਕ ਤਜਰਬਿਆਂ ਅਤੇ ਮੌਜੂਦਾ ਹਾਲਾਤਾਂ ਨੂੰ ਗੰਭੀਰਤਾ ਨਾਲ ਸਮਝਣਾ ਪਵੇਗਾ। ਕਾਰ ਰੈਲੀ ਵਿੱਚ ਸਿਖਸ ਫਾਰ ਜਸਟਿਸ ਦੇ ਕੋਆਰਡੀਨੇਟਰ ਸਰਦਾਰ ਅਵਤਾਰ ਸਿੰਘ ਪੰਨੂ, ਭਾਈ ਬਿਕਰਮਜੀਤ ਸਿੰਘ, ਭਾਈ ਇੰਦਰਜੀਤ ਸਿੰਘ ਗੋਸਲ, ਭਾਈ ਗੁਰਦਿਆਲ ਸਿੰਘ, ਭਾਈ ਮਹਿੰਦਰ ਸਿੰਘ, ਭਾਈ ਗੁਲਜਾਰ ਸਿੰਘ, ਨਿਰਮਾਣ, ਭਾਈ ਪਰਮਿੰਦਰ ਸਿੰਘ ਰੰਧਾਵਾ, ਭਾਈ ਰਾਜਵੰਤ ਸਿੰਘ, ਭਾਈ ਗੁਰਪ੍ਰੀਤ ਸਿੰਘ ਅਤੇ ਭਾਈ ਲਖਬੀਰ ਸਿੰਘ ਜੌਹਲ ਸਮੇਤ ਕਈ ਆਗੂ ਮੌਜੂਦ ਰਹੇ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਤੋਂ ਭਾਈ ਮਲਕੀਤ ਸਿੰਘ ਢੇਸੀ ਅਤੇ ਟੀਮ ਸ਼ਹੀਦ ਨਿੱਝਰ ਤੋਂ ਭਾਈ ਮਨਜਿੰਦਰ ਸਿੰਘ ਖਾਲਸਾ ਵੀ ਰੈਲੀ ਵਿੱਚ ਸ਼ਾਮਲ ਹੋਏ। 18 ਅਕਤੂਬਰ 2026 ਨੂੰ ਐਡਮਿੰਟਨ ਵਿੱਚ ਹੋਣ ਵਾਲੇ ਰੈਫਰੈਂਡਮ ਲਈ ਅਲਬਰਟਾ ਲੈਜਿਸਲੇਚਰ ਗਰਾਊਂਡਜ਼, 10800, 97 ਐਵੇਨਿਊ ਨੌਰਥਵੈਸਟ ਨੂੰ ਵੋਟਿੰਗ ਸਥਾਨ ਦੱਸਿਆ ਗਿਆ ਹੈ ਅਤੇ ਸਮਾਂ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਦੱਸਿਆ ਗਿਆ ਹੈ। ਐਡਮਿੰਟਨ ਦੀ ਇਹ ਕਾਰ ਰੈਲੀ ਰੈਫਰੈਂਡਮ ਤੋਂ ਪਹਿਲਾਂ ਖਾਲਿਸਤਾਨ ਪੱਖੀ ਧਿਰਾਂ ਵੱਲੋਂ ਕੀਤੀ ਗਈ ਇੱਕ ਵੱਡੀ ਜਨਤਕ ਸਰਗਰਮੀ ਵਜੋਂ ਸਾਹਮਣੇ ਆਈ।

# ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਸਿੱਖ ਨੌਜਵਾਨ ਪਰਵਿੰਦਰ ਸਿੰਘ ਦਾ ਕਤਲ ਮੰਦਭਾਗਾ: ਐਡਵੋਕੇਟ ਧਾਮੀ

**ਅੰਮ੍ਰਿਤਸਰ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਸਿੱਖ ਨੌਜਵਾਨ ਪਰਵਿੰਦਰ ਸਿੰਘ ਦੇ ਕਤਲ ਦੀ ਮੰਦਭਾਗੀ ਘਟਨਾ ’ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਯਤਨਸ਼ੀਲ ਨੌਜਵਾਨ ਦਾ ਇਸ ਤਰ੍ਹਾਂ ਕਤਲ ਹੋਣਾ ਬੇਹੱਦ ਦੁਖਦਾਈ ਅਤੇ ਚਿੰਤਾਜਨਕ ਹੈ। ਇਹ ਘਟਨਾ ਸਮਾਜ ਅੰਦਰ ਨਸ਼ਿਆਂ ਦੇ ਵਧ ਰਹੇ ਮਾੜੇ ਪ੍ਰਭਾਵਾਂ ਅਤੇ ਇਸ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਨੂੰ ਲੈ ਕੇ ਗੰਭੀਰ ਚਿੰਤਾ ਪੈਦਾ ਕਰਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਨਸ਼ਿਆਂ ਨੇ ਪੰਜਾਬ ਦੀ ਜਵਾਨੀ ਨੂੰ ਵੱਡਾ ਨੁਕਸਾਨ ਪਹੁੰਚਾਇਆ ਹੈ। ਪੰਜਾਬ ਗੁਰੂਆਂ ਦੀ ਧਰਤੀ ਹੈ, ਜਿਥੇ ਗੁਰੂ ਸਾਹਿਬਾਨ ਨੇ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਵੱਡੀ ਚਿੰਤਾ ਵਾਲੀ ਗੱਲ ਹੈ ਕਿ ਪੰਜਾਬ ਦੀ ਧਰਤੀ ਤੇ ਨਸ਼ਿਆਂ ਵਿਰੁੱਧ ਅਵਾਜ਼ ਉਠਾਉਣ ਵਾਲਿਆਂ ਨੂੰ ਸ਼ਰੇਆਮ ਮਾਰਨ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਪਰਵਿੰਦਰ ਸਿੰਘ ਦੇ ਕਤਲ ਦੇ ਮਾਮਲੇ ਵਿੱਚ ਜਵਾਬਦੇਹੀ ਤੈਅ ਕਰੇ, ਪੀੜਤ ਪਰਿਵਾਰ ਨੂੰ ਇਨਸਾਫ਼ ਦਿਵਾਏ ਅਤੇ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲੇ ਲੋਕਾਂ ਦਾ ਭਰੋਸਾ ਬਹਾਲ ਕਰਨ ਲਈ ਠੋਸ ਕਦਮ ਚੁੱਕੇ। ਐਡਵੋਕੇਟ ਧਾਮੀ ਨੇ ਪੰਜਾਬ ਦੇ ਰਾਜਪਾਲ ਨੂੰ ਵੀ ਅਪੀਲ ਕੀਤੀ ਕਿ ਉਹ ਦਿਨੋਂ ਦਿਨ ਪੰਜਾਬ ਦੀ ਵਿਗੜ ਰਹੀ ਕਨੂੰਨ ਵਿਵਸਥਾ ਬਾਰੇ ਸਰਕਾਰ ਦੀ ਜਵਾਬਦੇਹੀ ਤੈਅ ਕਰਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਬਚਾਉਣਾ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਹਰ ਵਿਅਕਤੀ ਇਸ ਲਈ ਯਤਨਸ਼ੀਲ ਹੋਵੇ। ਐਡਵੋਕੇਟ ਧਾਮੀ ਨੇ ਇਸ ਦੁੱਖ ਦੀ ਘੜੀ ਪਰਵਿੰਦਰ ਸਿੰਘ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖੁ ਅਗੇ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਚਰਨਾਂ ਵਿਚ ਨਿਵਾਸ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




### ਝੋਟੇ ਦੀ ਹੱਤਿਆ ਨੇ ‘ਆਪ’ ਦੀ ਨਸ਼ਾ ਵਿਰੋਧੀ ਮੁਹਿੰਮ ਤੇ ਕਾਨੂੰਨ-ਵਿਵਸਥਾ ਦੀ ਪੋਲ ਖੋਲ੍ਹੀ: ਪ੍ਰੋ. ਸਰਚਾਂਦ ਸਿੰਘ ਖਿਆਲਾ

# ਤਿੰਨ ਮਹੀਨਿਆਂ ’ਚ ਨਸ਼ਾ ਖ਼ਤਮ ਕਰਨ ਦਾ ਵਾਅਦਾ ਕਰਨ ਵਾਲੀ ਸਰਕਾਰ ਨਸ਼ਿਆਂ ਵਿਰੁੱਧ ਲੜਨ ਵਾਲਿਆਂ ਨੂੰ ਸੁਰੱਖਿਆ ਤੱਕ ਨਹੀਂ ਦੇ ਸਕੀ

**ਅੰਮ੍ਰਿਤਸਰ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮਾਨਸਾ ਵਿੱਚ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੀ ਗੋਲੀ ਮਾਰ ਕੇ ਹੱਤਿਆ ਕੀਤੇ ਜਾਣ ਦੀ ਖ਼ਬਰ ’ਤੇ ਭਗਵੰਤ ਮਾਨ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਇਸ ਘਟਨਾ ਨੇ ਆਮ ਆਦਮੀ ਪਾਰਟੀ ਦੀ ਨਸ਼ਾ ਵਿਰੋਧੀ ਮੁਹਿੰਮ ਦੇ ਦਾਅਵਿਆਂ ਅਤੇ ਪੰਜਾਬ ਦੀ ਕਾਨੂੰਨ-ਵਿਵਸਥਾ ’ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਪ੍ਰੋ. ਖਿਆਲਾ ਨੇ ਕਿਹਾ ਕਿ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੀ ਗਾਰੰਟੀ ਦੇ ਕੇ ਸੱਤਾ ਵਿੱਚ ਆਈ ‘ਆਪ’ ਸਰਕਾਰ ਅੱਜ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ ਵੀ ਯਕੀਨੀ ਨਹੀਂ ਬਣਾ ਸਕੀ। ਸਵਾਲ ਹੈ ਕਿ ਸਰਕਾਰ ਦੇ ਵੱਡੇ-ਵੱਡੇ ਵਾਅਦਿਆਂ ਦਾ ਕੀ ਬਣਿਆ? ਸਿਰਫ਼ ਛਾਪਿਆਂ, ਗ੍ਰਿਫ਼ਤਾਰੀਆਂ ਅਤੇ ਪ੍ਰਚਾਰ ਮੁਹਿੰਮਾਂ ਨਾਲ ਨਸ਼ਿਆਂ ’ਤੇ ਕਾਬੂ ਨਹੀਂ ਪਾਇਆ ਜਾ ਸਕਦਾ, ਜਦੋਂ ਤੱਕ ਤਸਕਰੀ ਦੇ ਨੈੱਟਵਰਕ ਤੋੜੇ ਨਹੀਂ ਜਾਂਦੇ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਨਹੀਂ ਬਣਾਈ ਜਾਂਦੀ। ਉਨ੍ਹਾਂ ਨਸ਼ਿਆਂ ਦੇ ਮੁੱਦੇ ’ਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਾਲੀ ਝੰਡੀ ਦਿਖਾਉਣ ਵਾਲੇ ਮੋਹਨਜੀਤ ਸਿੰਘ ਸ਼ੇਰੋਂ ਨਾਲ ਪੁਲਿਸ ਤਸ਼ੱਦਦ ਅਤੇ ਆਪਣੇ ਪੁੱਤਰ ਦੀ ਨਸ਼ੇ ਦੀ ਲਤ ਤੋਂ ਦੁਖੀ ਹੋ ਕੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੂੰ ਸਵਾਲ ਕਰਨ ਵਾਲੇ ਗੁਲਜ਼ਾਰ ਸਿੰਘ ਦੀ ਖ਼ੁਦਕੁਸ਼ੀ ਵਰਗੇ ਮਾਮਲਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਘਟਨਾਵਾਂ ਸਰਕਾਰ ਦੀ ਜਵਾਬਦੇਹੀ ਅਤੇ ਨਸ਼ਾ-ਪੀੜਤ ਪਰਿਵਾਰਾਂ ਪ੍ਰਤੀ ਸੰਵੇਦਨਸ਼ੀਲਤਾ ’ਤੇ ਸਵਾਲ ਖੜ੍ਹੇ ਕਰਦੀਆਂ ਹਨ। ਉਨ੍ਹਾਂ ਕਿਹਾ, ਹੁਣ “ਜਦੋਂ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਹੀ ਅਸੁਰੱਖਿਅਤ ਹੋਣ, ਨਸ਼ਿਆਂ ਤੋਂ ਪੀੜਤ ਪਰਿਵਾਰ ਇਨਸਾਫ਼ ਲਈ ਭਟਕਣ ਅਤੇ ਇੱਕ ਨਸ਼ਾ ਵਿਰੋਧੀ ਕਾਰਕੁਨ ਦੀ ਗੋਲੀ ਮਾਰ ਕੇ ਹੱਤਿਆ ਦੀ ਖ਼ਬਰ ਸਾਹਮਣੇ ਆਵੇ, ਤਾਂ ਸਰਕਾਰ ਸਿਰਫ਼ ਮੀਟਿੰਗਾਂ ਸੱਦ ਕੇ ਅਤੇ ਬਿਆਨ ਜਾਰੀ ਕਰਕੇ ਆਪਣੀ ਜ਼ਿੰਮੇਵਾਰੀ ਤੋਂ ਨਹੀਂ ਬਚ ਸਕਦੀ। ਪੰਜਾਬ ਨੂੰ ਪ੍ਰਚਾਰ ਨਹੀਂ, ਜਵਾਬਦੇਹੀ ਚਾਹੀਦੀ ਹੈ।” ਪ੍ਰੋ. ਖਿਆਲਾ ਨੇ ਸਵਾਲ ਕੀਤਾ ਕਿ ਕੀ ਸਰਕਾਰ ਕੋਲ ਨਸ਼ਾ ਵਿਰੋਧੀ ਕਾਰਕੁਨਾਂ ਦੀ ਸੁਰੱਖਿਆ, ਸ਼ਿਕਾਇਤਾਂ ’ਤੇ ਤੁਰੰਤ ਕਾਰਵਾਈ ਅਤੇ ਸ਼ੱਕੀ ਗੈਰ-ਕਾਨੂੰਨੀ ਦਵਾਈਆਂ ਦੀ ਵਿਕਰੀ ਦੀ ਜਾਂਚ ਲਈ ਕੋਈ ਪ੍ਰਭਾਵਸ਼ਾਲੀ ਪ੍ਰਣਾਲੀ ਹੈ? ਉਨ੍ਹਾਂ ਪੁਲਿਸ ਅਤੇ ਡਰੱਗ ਕੰਟਰੋਲ ਵਿਭਾਗ ਵਿਚਾਲੇ ਬਿਹਤਰ ਤਾਲਮੇਲ ਰਾਹੀਂ ਵੱਡੇ ਨਸ਼ਾ ਤਸਕਰਾਂ, ਉਨ੍ਹਾਂ ਦੇ ਵਿੱਤੀ ਨੈੱਟਵਰਕ, ਸਰਹੱਦ ਪਾਰ ਤਸਕਰੀ ਅਤੇ ਸਥਾਨਕ ਸਪਲਾਈ ਚੇਨ ਵਿਰੁੱਧ ਨਿਰਣਾਇਕ ਕਾਰਵਾਈ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰੀਆਂ ਦੀ ਗਿਣਤੀ ਵਧਣਾ ਨਸ਼ਿਆਂ ਦੇ ਕਾਰੋਬਾਰ ’ਤੇ ਕਾਬੂ ਪੈਣ ਦਾ ਸਬੂਤ ਨਹੀਂ ਹੈ। ਸਰਕਾਰ ਨੂੰ ਨਸ਼ਿਆਂ ਦੀ ਉਪਲਬਧਤਾ ਵਿੱਚ ਕਮੀ ਅਤੇ ਨਸ਼ਾ-ਪੀੜਤਾਂ ਦੇ ਮੁੜ ਵਸੇਬੇ ਦੇ ਠੋਸ ਅੰਕੜੇ ਵੀ ਜਨਤਕ ਕਰਨੇ ਚਾਹੀਦੇ ਹਨ। ਪ੍ਰੋ. ਖਿਆਲਾ ਨੇ ਪਰਵਿੰਦਰ ਸਿੰਘ ਝੋਟਾ ਦੀ ਹੱਤਿਆ ਦੀ ਤੁਰੰਤ, ਨਿਰਪੱਖ ਅਤੇ ਸਮਾਂਬੱਧ ਜਾਂਚ ਦੀ ਮੰਗ ਕਰਦਿਆਂ ਕਿਹਾ ਕਿ ਦੋਸ਼ੀਆਂ ਅਤੇ ਸਾਜ਼ਿਸ਼ ਵਿੱਚ ਸ਼ਾਮਲ ਪਾਏ ਜਾਣ ਵਾਲੇ ਸਾਰੇ ਵਿਅਕਤੀਆਂ ਵਿਰੁੱਧ ਬਿਨਾਂ ਕਿਸੇ ਸਿਆਸੀ ਜਾਂ ਪ੍ਰਸ਼ਾਸਨਿਕ ਦਬਾਅ ਦੇ ਸਖ਼ਤ ਕਾਨੂੰਨੀ ਕਾਰਵਾਈ ਹੋਵੇ। ਘਟਨਾ ਵਿੱਚ ਗੰਭੀਰ ਜ਼ਖ਼ਮੀ ਹੋਏ ਦੱਸੇ ਜਾ ਰਹੇ ਝੋਟਾ ਦੇ ਸਾਥੀ ਨੂੰ ਬਿਹਤਰ ਇਲਾਜ ਅਤੇ ਸੁਰੱਖਿਆ ਦਿੱਤੀ ਜਾਵੇ ਅਤੇ ਨਸ਼ਿਆਂ ਵਿਰੁੱਧ ਸੰਘਰਸ਼ ਕਰ ਰਹੇ ਕਾਰਕੁਨਾਂ ਤੇ ਪੀੜਤ ਪਰਿਵਾਰਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ, “ਭਗਵੰਤ ਮਾਨ ਸਰਕਾਰ ਨਸ਼ਾ ਮੁਕਤ ਪੰਜਾਬ ਦੇ ਦਾਅਵਿਆਂ ਪਿੱਛੇ ਲੁਕ ਕੇ ਆਪਣੀ ਜ਼ਿੰਮੇਵਾਰੀ ਤੋਂ ਨਹੀਂ ਬਚ ਸਕਦੀ। ਪੰਜਾਬ ਦੇ ਲੋਕ ਜਾਣਨਾ ਚਾਹੁੰਦੇ ਹਨ ਕਿ ਨਸ਼ਿਆਂ ਵਿਰੁੱਧ ਲੜਨ ਵਾਲਿਆਂ ਦੀ ਜਾਨ ਦੀ ਰਾਖੀ ਕੌਣ ਕਰੇਗਾ ਅਤੇ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੇ ਵਾਅਦੇ ਦਾ ਹਿਸਾਬ ਕੌਣ ਦੇਵੇਗਾ? ਹੁਣ ਨਾਅਰੇਬਾਜ਼ੀ ਦਾ ਨਹੀਂ, ਜਵਾਬਦੇਹੀ ਅਤੇ ਠੋਸ ਕਾਰਵਾਈ ਦਾ ਸਮਾਂ ਹੈ।” ‘ਆਪ’ ਸਰਕਾਰ ਹੁਣ ਨਸ਼ਾ ਖ਼ਤਮ ਕਰਨ ਦੇ ਵਾਅਦਿਆਂ ਦਾ ਹਿਸਾਬ ਦੇਵੇ।



### ਪਿੰਡ ਲੰਗੇਆਣਾ ਪੁਰਾਣਾ (ਮੋਗਾ) ਵਿਖੇ

# ਸਲਾਨਾ ਗੁਰਮਤਿ ਸਮਾਗਮ 11 ਤੋਂ 18 ਅਕਤੂਬਰ ਸ਼ੁਰੂ



**ਫ਼ਿਰੋਜ਼ਪੁਰ, 13 ਅਕਤੂਬਰ (ਮਨੋਹਰ ਲਾਲ)** :— ਪਹਿਲੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਮਹਾਰਾਜ ਦੇ ਪਾਵਨ ਜੋਤੀ ਜੋਤਿ ਗੁਰਪੁਰਬ ਨੂੰ ਮਨਾਉਂਦਿਆਂ ਅਤੇ ਮਹਾਂਪੁਰਖ ਸੰਤ ਬਾਬਾ ਪ੍ਰਤਾਪ ਸਿੰਘ ਜੀ ਤੇ ਗੁਰਮੁਖ ਪਿਆਰੇ ਭਾਈ ਵੀਰ ਸਿੰਘ ਜੀ ਦੀ ਯਾਦ ਵਿੱਚ ਪਿੰਡ ਲੰਗੇਆਣਾ ਪੁਰਾਣਾ (ਮੋਗਾ) ਵਿਖੇ ਸਲਾਨਾ ਗੁਰਮਤਿ ਸਮਾਗਮ ਕਰਵਾਇਆ ਜਾ ਰਹਾ ਹੈ। ਇਹ ਸਮਾਗਮ 11 ਅਕਤੂਬਰ ਤੋਂ 18 ਅਕਤੂਬਰ 2026 (ਦਿਨ ਐਤਵਾਰ) ਤੱਕ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਚੱਲੇਗਾ। ਉਨ੍ਹਾਂ ਦੱਸਿਆ ਕਿ ਬਾਬਾ ਸਾਧੂ ਸਿੰਘ, ਬਾਬਾ ਗੁਰਦਿਆਲ ਸਿੰਘ, ਸਮੂਹ ਸੰਗਤ ਅਤੇ ਐਨ.ਆਰ.ਆਈ ਵੀਰ, ਪਿੰਡ ਲੰਗੇਆਣਾ ਪੁਰਾਣਾ (ਮੋਗਾ) ਦੇ ਸਹਿਯੋਗ ਨਾਲ ਇਹ ਸਮਾਗਮ ਕਰਵਾਏ ਜਾ ਰਹੇ ਹਨ। ਇਹ ਕਿ ਇਨ੍ਹਾਂ ਸਮਾਗਮਾਂ ਦੇ ਪਹਿਲੇ ਦਿਨ ਬਾਬਾ ਸੁਖਪ੍ਰੀਤ ਸਿੰਘ ਜੀ ਨਿਰਮਲੇ ਸੰਪਰਦਾਏ ਰਾਜਿਆਣਾ ਨੇ ਹਾਜ਼ਰੀ ਲੁਆਉਂਦਿਆਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ, ਜਦੋਂ ਕਿ ਦੂਸਰੇ ਦਿਨ ਗਿਆਨੀ ਸੁਖਮੰਦਰ ਸਿੰਘ ਜੀ ਦਮਦਮੀ ਟਕਸਾਲ ਨੇ ਜੁੜੀ ਸੰਗਤ ਨੂੰ ਗੁਰਬਾਣੀ ਸਰਵਣ ਕਰਦਿਆਂ ਵਾਹਿਗੁਰੂ ਅਕਾਲ ਪੁਰਖ ਦੇ ਲੜ ਲੱਗਣ ਦੀ ਪ੍ਰੇਰਣਾ ਦਿੱਤਾ। ਇਨ੍ਹਾਂ ਦੋਨਾਂ ਦਿਨਾਂ ਦੇ ਸਮਾਗਮਾਂ ਵਿਚ ਉਕਤ ਸਖਸ਼ੀਅਤਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਗੁਰੂ ਦੇ ਭਾਣੇ ਵਿਚ ਰਹਿ ਕੇ ਸਵੇਰੇ ਸ਼ਾਮ ਹਰ ਵੇਲੇ ਗੁਰੂ ਦਾ ਜਾਪ ਕਰੋ ਤਾਂ ਜੋ ਸਾਡਾ ਜੀਵਨਾ ਸਫਲ ਹੋ ਸਕੇ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਮਾਗਮ ਦੌਰਾਨ ਰੋਜ਼ਾਨਾ ਸ਼ਾਮ ਨੂੰ ਮਹਾਨ ਸ਼ਖ਼ਸੀਅਤਾਂ ਕਥਾ ਅਤੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੀਆਂ। ਉਨ੍ਹਾਂ ਕਿਹਾ ਕਿ 11 ਅਕਤੂਬਰ ਨੂੰ ਗਿਆਨੀ ਸੁਖਪ੍ਰੀਤ ਸਿੰਘ, 12 ਅਕਤੂਬਰ ਨੂੰ ਗਿਆਨੀ ਸੁਖਮੰਦਰ ਸਿੰਘ ਦਮਦਮੀ ਟਕਸਾਲ, 13 ਅਕਤੂਬਰ ਨੂੰ ਗਿਆਨੀ ਬਲਵਿੰਦਰ ਸਿੰਘ ਦਮਦਮੀ ਟਕਸਾਲ, 14 ਅਕਤੂਬਰ ਨੂੰ ਸਿੰਘ ਸਾਹਿਬ ਗਿਆਨੀ ਪਰਵਿੰਦਰ ਪਾਲ ਸਿੰਘ, 15 ਅਕਤੂਬਰ ਨੂੰ ਬਾਬਾ ਅਵਤਾਰ ਸਿੰਘ ਸਾਧਾਂ ਵਾਲੇ, 16 ਅਕਤੂਬਰ ਨੂੰ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, 17 ਅਕਤੂਬਰ ਨੂੰ ਬਾਬਾ ਗਰਮੀਤ ਸਿੰਘ ਕੱਟੂ ਵਾਲੇ। ਉਨ੍ਹਾਂ ਦੱਸਿਆ ਕਿ 18 ਅਕਤੂਬਰ ਦਿਨ ਐਤਵਾਰ ਨੂੰ ਪ੍ਰਮੁੱਖ ਸ਼ਖ਼ਸੀਅਤਾਂ ਪਹੁੰਚ ਕੇ ਸੰਗਤਾਂ ਨੂੰ ਗੁਰਬਾਣੀ ਸਰਵਣ ਕਰਵਾਉਣਗੀਆਂ। ਸਮਾਗਮ ਦੇ ਅੰਤਿਮ ਦਿਨ (18 ਅਕਤੂਬਰ) ਨੂੰ ਪ੍ਰਮੁੱਖ ਸ਼ਖ਼ਸੀਅਤਾਂ ਜਿਨ੍ਹਾਂ ਵਿਚ ਸਿੰਘ ਸਾਹਿਬ ਗਿਆਨੀ ਜਸਵੰਤ ਸਿੰਘ, ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਖਾਲਸਾ ਰੋਡੇ, ਰਾਗੀ ਕੁਲਬੀਰ ਸਿੰਘ ਜੀ ਦਮਦਮੀ ਟਕਸਾਲ, ਢਾਡੀ ਜੱਥਾ ਬੀਬੀ ਦਲੇਰ ਕੌਰ ਖਾਲਸਾ ਉਚੇਚੇ ਤੌਰ ਤੇ ਪਹੁੰਚ ਕੇ ਹਾਜਰੀ ਭਰਨਗੇ। ਉਨ੍ਹਾਂ ਦੱਸਿਆ ਕਿ 18 ਅਕਤੂਬਰ ਦੁਪਹਰ 2:30 ਵਜੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਹੋਰ ਵੀ ਇਲਾਕੇ ਦੇ ਸਤਿਕਾਰਯੋਗ ਸੰਤ ਮਹਾਂਪੁਰਖ ਸਮਾਗਮ ਵਿੱਚ ਹਾਜ਼ਰੀ ਭਰਨਗੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

### ਅਭਿਨਵ ਖੋਸਲਾ ਦੀ ਬਹਾਲੀ ਫਿਰੋਜ਼ਪੁਰ ਲੋਕ ਲਹਿਰ ਦੀ ਜਿੱਤ

# ਸਮਾਜਿਕ ਮੁੱਦਿਆਂ 'ਤੇ ਸੰਘਰਸ਼ ਰਹੇਗਾ ਜਾਰੀ



ਫ਼ਿਰੋਜ਼ਪੁਰ, 13 ਅਕਤੂਬਰ (ਮਨੋਹਰ ਲਾਲ) :— ਫੂਡ ਸੇਫਟੀ ਇੰਸਪੈਕਟਰ ਅਭਿਨਵ ਖੋਸਲਾ ਦੀ ਬਹਾਲੀ ਅਤੇ ਫਿਰੋਜ਼ਪੁਰ ਵਿੱਚ ਮੁੜ ਤਾਇਨਾਤੀ ਤੋਂ ਬਾਅਦ ਐਤਵਾਰ ਸ਼ਾਮ ਨੂੰ ਭਾਈ ਮਰਦਾਨਾ ਯਾਦਗਾਰੀ ਹਾਲ ਵਿੱਚ ਫਿਰੋਜ਼ਪੁਰ ਲੋਕ ਲਹਿਰ ਵੱਲੋਂ ਮੀਟਿੰਗ ਕੀਤੀ ਗਈ। ਇਸ ਵਿੱਚ ਲੋਕ ਲਹਿਰ ਦੇ ਮੈਂਬਰਾਂ ਤੋਂ ਇਲਾਵਾ ਸ਼ਹਿਰ ਦੀਆਂ ਵੱਖ—ਵੱਖ ਸਮਾਜਿਕ ਜਥੇਬੰਦੀਆਂ ਦੇ ਅਹੁਦੇਦਾਰਾਂ, ਸ਼ਹਿਰ ਵਾਸੀਆਂ, ਸਿਆਸੀ ਆਗੂਆਂ ਅਤੇ ਗੈਰ ਸਰਕਾਰੀ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਆਪ ਮੁਹਾਰੇ ਸ਼ਮੂਲੀਅਤ ਕੀਤੀ। ਇਸ ਮੌਕੇ ਅਭਿਨਵ ਖੋਸਲਾ ਦੀ ਬਹਾਲੀ ਦੀ ਖੁਸ਼ੀ ਵਿੱਚ ਲੱਡੂ ਵੰਡੇ ਗਏ ਅਤੇ ਸੰਘਰਸ਼ ਵਿੱਚ ਸਹਿਯੋਗ ਦੇਣ ਵਾਲਿਆਂ ਨੂੰ ਵਧਾਈ ਦਿੱਤੀ ਗਈ। ਮੀਟਿੰਗ ਦੌਰਾਨ ਫਿਰੋਜ਼ਪੁਰ ਲੋਕ ਲਹਿਰ ਨੂੰ ਹੋਰ ਮਜ਼ਬੂਤ ਕਰਨ, ਇਸ ਦੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਅੱਗੇ ਵਧਾਉਣ ਅਤੇ ਨਵੀਂ ਕਮੇਟੀ ਦੇ ਗਠਨ ਦੀਆਂ ਸੰਭਾਵਨਾਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਮੈਂਬਰਾਂ ਨੇ ਕਿਹਾ ਕਿ ਅਭਿਨਵ ਖੋਸਲਾ ਦੀ ਬਹਾਲੀ ਲਈ ਜਥੇਬੰਦੀਆਂ ਅਤੇ ਸ਼ਹਿਰ ਵਾਸੀਆਂ ਨੇ ਇਕਜੁੱਟ ਹੋ ਕੇ ਸੰਘਰਸ਼ ਕੀਤਾ, ਜਿਸ ਦੇ ਸਿੱਟੇ ਵਜੋਂ ਇਹ ਸਫਲਤਾ ਮਿਲੀ। ਲੋਕ ਲਹਿਰ ਦੇ ਕਨਵੀਨਰ ਗਾਮਾ ਸਿੱਧੂ ਅਤੇ ਐਡਵੋਕੇਟ ਰੋਹਿਤ ਅਰੋੜਾ ਨੇ ਕਿਹਾ ਕਿ ਅਭਿਨਵ ਖੋਸਲਾ ਦੀ ਬਹਾਲੀ ਕਿਸੇ ਇਕ ਵਿਅਕਤੀ ਜਾਂ ਜਥੇਬੰਦੀ ਦੀ ਨਹੀਂ, ਸਗੋਂ ਫਿਰੋਜ਼ਪੁਰ ਲੋਕ ਲਹਿਰ ਅਤੇ ਸਮੁੱਚੇ ਸ਼ਹਿਰ ਵਾਸੀਆਂ ਦੀ ਜਿੱਤ ਹੈ। ਉਨ੍ਹਾਂ ਕਿਹਾ ਲੋਕ ਲਹਿਰ ਵੱਲੋਂ ਦਿੱਤੇ ਸੱਦੇ 'ਤੇ ਜਥੇਬੰਦੀਆਂ ਦੇ ਅਹੁਦੇਦਾਰਾਂ ਅਤੇ ਸ਼ਹਿਰ ਵਾਸੀਆਂ ਨੇ ਸੰਘਰਸ਼ ਵਿੱਚ ਹਿੱਸਾ ਲਿਆ। ਲੋਕਾਂ ਦੀ ਇਕਜੁੱਟਤਾ ਕਾਰਨ ਕੁਝ ਹੀ ਘੰਟਿਆਂ ਵਿੱਚ ਵਿਭਾਗ ਨੇ ਅਭਿਨਵ ਖੋਸਲਾ ਨੂੰ ਬਹਾਲ ਕਰਕੇ ਫਿਰੋਜ਼ਪੁਰ ਵਿੱਚ ਤਾਇਨਾਤ ਕਰ ਦਿੱਤਾ। ਉਨ੍ਹਾਂ ਇਸ ਸਫਲਤਾ ਦਾ ਸਿਹਰਾ ਸੰਘਰਸ਼ ਵਿੱਚ ਸ਼ਾਮਲ ਸਾਰੇ ਸੰਗਠਨਾਂ ਅਤੇ ਲੋਕਾਂ ਨੂੰ ਦਿੱਤਾ। ਗੱਲਬਾਤ ਕਰਦਿਆਂ ਗਾਮਾ ਸਿੱਧੂ ਨੇ ਕਿਹਾ ਕਿ ਫਿਰੋਜ਼ਪੁਰ ਲੋਕ ਲਹਿਰ ਭਵਿੱਖ ਵਿੱਚ ਵੀ ਸਮਾਜਿਕ ਮੁੱਦਿਆਂ ਨੂੰ ਲੈ ਕੇ ਸਰਗਰਮ ਰਹੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਮੰਚ 'ਤੇ ਕੋਈ ਵੀ ਵਿਅਕਤੀ ਆਪਣਾ ਨਿੱਜੀ ਮਸਲਾ ਲੈ ਕੇ ਨਾ ਆਵੇ। ਲੋਕ ਲਹਿਰ ਦਾ ਮਕਸਦ ਸ਼ਹਿਰ ਦੇ ਸਾਂਝੇ ਅਤੇ ਸਮਾਜਿਕ ਹਿੱਤਾਂ ਨਾਲ ਜੁੜੇ ਮੁੱਦਿਆਂ ਲਈ ਆਵਾਜ਼ ਉਠਾਉਣਾ ਹੈ। ਜੇਕਰ ਕਿਸੇ ਵਿਅਕਤੀ ਨੂੰ ਸਮਾਜਿਕ ਪੱਧਰ 'ਤੇ ਮਦਦ ਦੀ ਲੋੜ ਪਵੇਗੀ ਤਾਂ ਲੋਕ ਲਹਿਰ ਉਸ ਦੇ ਨਾਲ ਮਜ਼ਬੂਤੀ ਨਾਲ ਖੜ੍ਹੇਗੀ। ਉਨ੍ਹਾਂ ਸੰਘਰਸ਼ ਵਿੱਚ ਸਹਿਯੋਗ ਦੇਣ ਵਾਲੇ ਸਾਰੇ ਮੈਂਬਰਾਂ, ਜਥੇਬੰਦੀਆਂ ਅਤੇ ਸ਼ਹਿਰ ਵਾਸੀਆਂ ਦਾ ਧੰਨਵਾਦ ਕੀਤਾ। ਮੀਟਿੰਗ ਵਿੱਚ ਲੋਕ ਲਹਿਰ ਨੂੰ ਭਵਿੱਖ ਵਿੱਚ ਵੀ ਲੋਕ ਹਿੱਤਾਂ ਦੇ ਮੁੱਦਿਆਂ 'ਤੇ ਇਕਜੁੱਟ ਹੋ ਕੇ ਕੰਮ ਕਰਨ ਲਈ ਵਚਨਬੱਧਤਾ ਪ੍ਰਗਟਾਈ ਗਈ। ਇਸ ਮੌਕੇ ਫ਼ਿਰੋਜ਼ਪੁਰ ਲੋਕ ਲਹਿਰ ਦੇ ਕਨਵੀਨਰ ਗਾਮਾ ਸਿੱਧੂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹਰ ਖਾਣ ਪੀਣ ਵਾਲੀ ਸ਼ੈਅ ਜਿਸ ਨੂੰ ਉਹ ਪੈਸੇ ਦੇ ਕੇ ਖਰੀਦਦੇ ਹਨ ਉਹਨਾਂ ਦੀ ਜਾਂਚ ਕਰਾਉਣ ਭਾਵ ਸੈਂਪਲ ਦੇ ਕੇ ਚੈੱਕ ਕਰਾਉਣਾ ਉਨ੍ਹਾਂ ਦਾ ਹੱਕ ਹੈ। ਉਨ੍ਹਾਂ ਫਿਰੋਜ਼ਪੁਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਕਿਸੇ ਵੀ ਵਸਤੂ ਵਿੱਚ ਮਿਲਾਵਟ ਹੋਣ ਦਾ ਸ਼ੱਕ ਪੈਂਦਾ ਹੈ ਤਾਂ ਉਹ ਹਰ ਵਸਤੂ ਦੀ ਜਾਂਚ ਕਰਾ ਸਕਦੇ ਹਨ। ਲੋਕਾਂ ਦੀ ਅਵਾਜ ਪ੍ਰਸ਼ਾਸਨ ਅੱਗੇ ਪਚਾਉਣ ਲਈ ਫਿਰੋਜ਼ਪੁਰ ਲੋਕ ਲਹਿਰ ਅਤੇ ਸਤਲੁਜ ਪ੍ਰੈਸ ਕਲੱਬ ਉਨ੍ਹਾਂ ਨਾਲ ਡਟ ਕੇ ਖੜੇਗਾ। ਅੰਤ ਵਿੱਚ ਉਨ੍ਹਾਂ ਆਏ ਹੋਏ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਮੁਹਿੰਮ ਅੱਗੇ ਤੋ ਨਿਰੰਤਰ ਜਾਰੀ ਰਹੇਗੀ।

**ਭਾਈ ਮਰਦਾਨਾ ਯਾਦਗਾਰੀ ਹਾਲ ਵਿੱਚ ਹੋਈ ਮੀਟਿੰਗ, ਲੱਡੂ ਵੰਡ ਕੇ ਮਨਾਈ ਖੁਸ਼ੀ—ਲੋਕ ਲਹਿਰ ਨੂੰ ਮਜ਼ਬੂਤ ਕਰਨ ਅਤੇ ਕਮੇਟੀ ਬਣਾਉਣ ਬਾਰੇ ਹੋਈ ਚਰਚਾ—ਕਨਵੀਨਰ ਗਾਮਾ ਸਿੱਧੂ, ਰੋਹਿਤ ਅਰੋੜਾ**

# ਬੰਗਲਾ ਸਾਹਿਬ 'ਚ ਪੁਲਿਸ ਦਾਖ਼ਲੇ ਨੂੰ ਲੈ ਕੇ ਸਰਨਾ ਦਾ ਤਿੱਖਾ ਵਾਰ—ਕਾਲਕਾ ਦੀ ਦਲੀਲ ਨੂੰ ਦੱਸਿਆ ਮਰਿਆਦਾ ਤੋਂ ਭਟਕਿਆ ਬਚਾਅ



**ਨਵੀਂ ਦਿੱਲੀ, 13 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਅਕਾਲੀ ਦਲ ਦਿੱਲੀ ਯੂਨਿਟ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਬੰਗਲਾ ਸਾਹਿਬ ਗੁਰਦੁਆਰਾ ਸਾਹਿਬ ਅੰਦਰ ਪੁਲਿਸ ਕਾਰਵਾਈ 'ਤੇ ਸਖ਼ਤ ਇਤਰਾਜ਼ ਜਤਾਉਂਦਿਆਂ ਕੇਂਦਰ ਸਰਕਾਰ ਅਤੇ ਸਾਰੇ ਸੂਬਿਆਂ ਦੇ ਪੁਲਿਸ ਮੁਖੀਆਂ ਤੋਂ ਮੰਗ ਕੀਤੀ ਹੈ ਕਿ ਦੇਸ਼ ਭਰ ਵਿੱਚ ਸਪੱਸ਼ਟ ਪ੍ਰੋਟੋਕੋਲ ਬਣਾਇਆ ਜਾਵੇ ਤਾਂ ਜੋ ਕਿਸੇ ਵੀ ਪ੍ਰਦਰਸ਼ਨਕਾਰੀ ਜਾਂ ਵਿਅਕਤੀ ਦਾ ਪਿੱਛਾ ਕਰਦਿਆਂ ਪੁਲਿਸ ਗੁਰਦੁਆਰਾ ਸਾਹਿਬਾਨ ਦੇ ਪਵਿੱਤਰ ਕੰਪਲੈਕਸ ਵਿੱਚ ਦਾਖ਼ਲ ਨਾ ਹੋਵੇ। ਗੁਰਦੁਆਰਾ ਰਕਾਬ ਗੰਜ ਸਾਹਿਬ ਦਫਤਰ ਵਿਖੇ ਕੀਤੀ ਕਾਨਫਰੰਸ ਵਿਚ ਸਰਨਾ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਵੱਲੋਂ ਪੁਲਿਸ ਕਾਰਵਾਈ ਦੇ ਬਚਾਅ ਨੂੰ ਸਖ਼ਤੀ ਨਾਲ ਰੱਦ ਕਰਦਿਆਂ ਕਿਹਾ ਕਿ ਸਿੱਖ ਮਰਿਆਦਾ ਨੂੰ ਸਿਰਫ਼ ਦਰਬਾਰ ਹਾਲ ਦੀਆਂ ਪੌੜੀਆਂ ਤੱਕ ਸੀਮਤ ਕਰਨਾ ਗੰਭੀਰ ਭੁੱਲ ਹੈ। ਸਰਨਾ ਨੇ ਕਿਹਾ ਕਿ "ਮਰਿਆਦਾ ਦਰਬਾਰ ਹਾਲ ਦੀਆਂ ਪੌੜੀਆਂ ਤੋਂ ਸ਼ੁਰੂ ਨਹੀਂ ਹੁੰਦੀ, ਸਗੋਂ ਪੂਰਾ ਗੁਰਦੁਆਰਾ ਕੰਪਲੈਕਸ ਪਵਿੱਤਰ ਹੈ।" ਉਨ੍ਹਾਂ ਕਿਹਾ ਕਿ ਜੇ ਵਰਦੀਧਾਰੀ ਪੁਲਿਸ ਕਿਸੇ ਕਾਰਵਾਈ ਤਹਿਤ ਲੋਕਾਂ ਦਾ ਪਿੱਛਾ ਕਰਦਿਆਂ ਗੁਰਦੁਆਰਾ ਸਾਹਿਬ ਦੇ ਅੰਦਰ ਦਾਖ਼ਲ ਹੁੰਦੀ ਹੈ ਤਾਂ ਇਹ ਆਪਣੇ ਆਪ ਵਿੱਚ ਗੰਭੀਰ ਮਾਮਲਾ ਹੈ। ਪੁਲਿਸ ਦਰਬਾਰ ਹਾਲ ਵਿੱਚ ਨਹੀਂ ਗਈ, ਇਸ ਆਧਾਰ 'ਤੇ ਕਾਰਵਾਈ ਨੂੰ ਜਾਇਜ਼ ਠਹਿਰਾਉਣਾ ਸਿੱਖ ਮਰਿਆਦਾ ਦੀ ਅਸਲ ਭਾਵਨਾ ਨੂੰ ਨਜ਼ਰਅੰਦਾਜ਼ ਕਰਨਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਸ਼ਰਨ, ਸੇਵਾ ਅਤੇ ਆਤਮਿਕ ਸਹਾਰੇ ਦੀ ਥਾਂ ਹੈ, ਇਸਨੂੰ ਪੁਲਿਸ ਕਾਰਵਾਈ ਦਾ ਮੈਦਾਨ ਨਹੀਂ ਬਣਨ ਦਿੱਤਾ ਜਾ ਸਕਦਾ। ਸਰਨਾ ਨੇ ਕਿਹਾ ਕਿ ਕੇਂਦਰ ਸਰਕਾਰ ਅਤੇ ਸੂਬਿਆਂ ਦੇ ਪੁਲਿਸ ਮੁਖੀਆਂ ਨੂੰ ਸਾਰੇ ਗੁਰਦੁਆਰਾ ਸਾਹਿਬਾਨ—ਭਾਵੇਂ ਇਤਿਹਾਸਕ ਅਸਥਾਨ ਹੋਣ ਜਾਂ ਮੁਹੱਲਿਆਂ ਦੇ ਸਿੰਘ ਸਭਾ ਗੁਰਦੁਆਰੇ—ਦੀ ਪਵਿੱਤਰਤਾ ਦਾ ਸਤਿਕਾਰ ਯਕੀਨੀ ਬਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬ ਨਾਲ ਜੁੜੀ ਕਿਸੇ ਵੀ ਕਾਨੂੰਨ-ਵਿਵਸਥਾ ਦੀ ਸਥਿਤੀ ਨੂੰ ਗੁਰਦੁਆਰਾ ਪ੍ਰਬੰਧਕਾਂ ਨਾਲ ਤਾਲਮੇਲ ਅਤੇ ਕਾਨੂੰਨੀ ਪ੍ਰਕਿਰਿਆ ਰਾਹੀਂ ਨਜਿੱਠਿਆ ਜਾਣਾ ਚਾਹੀਦਾ ਹੈ। "ਕਿਸੇ ਵੀ ਗੁਰਦੁਆਰਾ ਸਾਹਿਬ ਨੂੰ ਪ੍ਰਦਰਸ਼ਨਕਾਰੀਆਂ ਦਾ ਪਿੱਛਾ ਕਰਨ ਲਈ ਪੁਲਿਸ ਦਾ ਸ਼ਿਕਾਰ-ਮੈਦਾਨ ਨਹੀਂ ਬਣਨ ਦਿੱਤਾ ਜਾ ਸਕਦਾ। ਸਰਨਾ ਨੇ ਕਿਹਾ ਗੁਰਦੁਆਰਿਆਂ ਦੀ ਪਵਿੱਤਰਤਾ ਦੀ ਰਾਖੀ ਅਤੇ ਕਾਨੂੰਨ ਦੀ ਪਾਲਣਾ—ਦੋਵੇਂ ਇਕੱਠੇ ਚੱਲਣੇ ਚਾਹੀਦੇ ਹਨ। ਇਸ ਮੌਕੇ ਸਰਦਾਰ ਮਨਜੀਤ ਸਿੰਘ ਜੀਕੇ, ਤਜਿੰਦਰ ਸਿੰਘ ਗੋਪਾ, ਪਰਮਜੀਤ ਸਿੰਘ ਖੁਰਾਣਾ, ਪਰਮਜੀਤ ਸਿੰਘ ਰਾਣਾ, ਰਵਿੰਦਰ ਸਿੰਘ ਸਭਰਵਾਲ, ਕਰਤਾਰ ਸਿੰਘ ਵਿਕੀ ਚਾਵਲਾ ਸਮੇਤ ਵਡੀ ਗਿਣਤੀ ਵਿਚ ਮੈਂਬਰ ਅਤੇ ਪਾਰਟੀ ਕਾਰਕੁਨ ਹਾਜਿਰ ਸਨ।

# ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਦੇ ਹਰਪ੍ਰੀਤ ਸਿੰਘ ਬਣੇ ਜ਼ਿਲ੍ਹਾ ਪ੍ਰਧਾਨ



ਫ਼ਿਰੋਜ਼ਪੁਰ, 13 ਅਕਤੂਬਰ (ਮਨੋਹਰ ਲਾਲ) :— ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਪ੍ਰਚਾਰ ਕਮੇਟੀ ਪੰਜਾਬ ਦੇ ਪ੍ਰਧਾਨ ਲਖਵੀਰ ਸਿੰਘ ਮਹਾਲਮ ਦੀ ਪ੍ਰਧਾਨਗੀ ਹੇਠ ਅਹਿਮ ਮੀਟਿੰਗ ਹੋਈ, ਜਿਸ ਵਿਚ ਵੱਡੀ ਤਦਾਦ ਜਥੇਬੰਦੀ ਦੇ ਆਗੂਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਸ੍ਰੀ ਹਰਪ੍ਰੀਤ ਸਿੰਘ ਨੂੰ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਅਤੇ ਇਸ ਤੋਂ ਇਲਾਵਾ ਅਮਰਜੀਤ ਸਿੰਘ, ਸੁਖਪਾਲ ਸਿੰਘ, ਗੁਰਗਿਆਨ ਸਿੰਘ, ਸਵਰਨ ਸਿੰਘ, ਅੰਮ੍ਰਿਤਪਾਲ ਸਿੰਘ, ਲਵਪ੍ਰੀਤ ਸਿੰਘ, ਪ੍ਰਭਜੀਤ ਸਿੰਘ, ਕੁਲਦੀਪ ਸਿੰਘ, ਗੁਰਪ੍ਰੀਤ ਸਿੰਘ, ਜਸ਼ਨਪ੍ਰੀਤ ਸਿਘ, ਜਸਪ੍ਰੀਤ ਸਿੰਘ, ਸ਼ਿਵਮਪ੍ਰੀਤ ਸਿੰਘ, ਤਜਿੰਦਰਪਾਲ ਸਿੰਘ ਮੈਂਬਰ ਨਿਯੁਕਤ ਕੀਤੇ ਗਏ।

# ਸ ਪਰਵਿੰਦਰ ਸਿੰਘ ਝੋਟਾ ਦੇ ਕਤਲ ਨੇ ਸਰਕਾਰ ਦੇ 'ਯੁੱਧ ਨਸ਼ਿਆਂ ਵਿਰੁੱਧ' ਵਾਲੇ ਝੂਠ ਦਾ ਪਰਦਾਫਾਸ਼ ਕੀਤਾ - ਗਿਆਨੀ ਹਰਪ੍ਰੀਤ ਸਿੰਘ

**ਚੰਡੀਗੜ੍ਹ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਨੌਜਵਾਨ ਐਕਟੀਵਿਸਟ ਸ ਪਰਵਿੰਦਰ ਸਿੰਘ ਝੋਟਾ ਦੀ ਮੌਤ 'ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਦੋਸ਼ ਲਗਾਇਆ ਹੈ ਕਿ ਇਸ ਕਤਲ ਨਾਲ ਸਾਬਤ ਹੋ ਗਿਆ ਹੈ ਕਿ ਪੰਜਾਬ ਸਰਕਾਰ ਦੇ 'ਯੁੱਧ ਨਸ਼ਿਆਂ ਵਿਰੁੱਧ' ਵਾਲੇ ਦਾਅਵੇ ਕਿੰਨੇ ਖੋਖਲੇ ਹਨ। ਜਿੱਥੇ ਕਿ ਇਕ ਨੌਜਵਾਨ ਨੂੰ ਇਸ ਲਈ ਕਤਲ ਕਰ ਦਿੱਤਾ ਜਾਂਦਾ ਹੈ, ਕਿਉਂਕਿ ਉਹ ਨਸ਼ਾ ਵੇਚਣ ਦੇ ਖਿਲਾਫ ਅਵਾਜ ਉਠਾ ਰਿਹਾ ਸੀ। ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜੇਕਰ ਸਰਕਾਰ ਦੇ ਨਸ਼ਿਆਂ ਖਿਲਾਫ ਯੁੱਧ ਵਾਲੇ ਦਾਅਵੇ ਵਿੱਚ ਜਰਾ ਵੀ ਦਮ ਹੁੰਦਾ ਤਾਂ ਇਕ ਨਸ਼ਾ ਵੇਚਣ ਵਾਲਾ ਸ਼ਰੇਆਮ ਕੈਮਰੇ ਦੇ ਸਾਹਮਣੇ ਨਸ਼ਾ ਵੇਚਣ ਤੋਂ ਰੋਕਣ ਵਾਲੇ ਦਾ ਕਤਲ ਨਾ ਕਰ ਦਿੰਦਾ। ਉਹਨਾਂ ਕਿਹਾ ਕਿ ਵੀਡੀਓ ਵਿੱਚ ਸਾਫ ਪਤਾ ਚਲਦਾ ਹੈ ਕਿ ਸ ਪਰਵਿੰਦਰ ਸਿੰਘ ਪੁਲਿਸ ਅਧਿਕਾਰੀਆਂ ਨੂੰ ਫੋਨ ਕਰ ਰਿਹਾ ਸੀ ਪਰ ਕੋਈ ਉਸਦਾ ਫੋਨ ਨਹੀਂ ਚੁੱਕਦਾ। ਇਹ ਅਮਨ ਕਾਨੂੰਨ ਦੀ ਵਿਵਸਥਾ 'ਤੇ ਵੀ ਇਕ ਗੰਭੀਰ ਸਵਾਲ ਹੈ। ਜੇ ਪੁਲਿਸ ਮੌਕੇ 'ਤੇ ਪਹੁੰਚ ਕੇ ਢੁਕਵੀਂ ਕਾਰਵਾਈ ਕਰਦੀ ਤਾਂ ਇਕ ਦਲੇਰ ਨੌਜਵਾਨ ਨੂੰ ਆਪਣੀ ਜਾਨ ਨਾ ਗਵਾਉਣੀ ਪੈਂਦੀ। ਗਿਆਨੀ ਹਰਪ੍ਰੀਤ ਸਿੰਘ ਨੇ ਕਾਤਲ ਦੇ ਨਾਲ-ਨਾਲ ਉਹਨਾਂ ਸਾਰੇ ਅਧਿਕਾਰੀਆਂ 'ਤੇ ਵੀ ਕਾਰਵਾਈ ਕਰਨ ਦੀ ਮੰਗ ਕੀਤੀ ਜਿੰਨਾ ਨੇ ਮੌਕੇ 'ਤੇ ਪਹੁੰਚ ਕੇ ਹਾਲਾਤ ਨੂੰ ਨਹੀਂ ਸੰਭਾਲਿਆ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।



ਵਰਲਡ ਸਿੱਖ ਪਾਰਲੀਮੈਂਟ ਵੱਲੋਂ

# ਨਸ਼ਾ ਵਿਰੋਧੀ ਕਾਰਕੁਨ ਪਰਮਿੰਦਰ ਸਿੰਘ ਝੋਟੇ ਦੇ ਕਤਲ ਦੀ ਸਖ਼ਤ ਨਿੰਦਾ

☛ ਭਗਵੰਤ ਮਾਨ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਚੁੱਕੇ ਗੰਭੀਰ ਸਵਾਲ, ਨਸ਼ਾ ਵਿਰੋਧੀ ਕਾਰਕੁਨਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਮੰਗ ☛ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਹੀ ਸੁਰੱਖਿਅਤ ਨਹੀਂ ਤਾਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੌਣ ਬਚਾਏਗਾ ? - ਵਰਲਡ ਸਿੱਖ ਪਾਰਲੀਮੈਂਟ



**ਲੰਡਨ/ ਫਰੈਂਕਫਰਟ, 13 ਅਕਤੂਬਰ (ਸਰਬਜੀਤ ਸਿੰਘ ਬਨੂੜ)**-ਪੰਜਾਬ ਵਿੱਚ ਨਸ਼ਿਆਂ ਵਿਰੁੱਧ ਜ਼ਮੀਨੀ ਪੱਧਰ 'ਤੇ ਸੰਘਰਸ਼ ਕਰਨ ਵਾਲੇ ਸਮਾਜਿਕ ਕਾਰਕੁਨ ਪਰਮਿੰਦਰ ਸਿੰਘ ਝੋਟੇ ਦੇ ਕਤਲ ਦੀ ਵਰਲਡ ਸਿੱਖ ਪਾਰਲੀਮੈਂਟ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਪਾਰਲੀਮੈਂਟ ਨੇ ਇਸ ਘਟਨਾ ਨੂੰ ਪੰਜਾਬ ਦੀ ਜ਼ਮੀਰ ਨੂੰ ਝੰਜੋੜਨ ਵਾਲੀ ਕਰਾਰ ਦਿੰਦਿਆਂ ਕਿਹਾ ਕਿ ਜੇਕਰ ਨਸ਼ਿਆਂ ਦੇ ਸੌਦਾਗਰਾਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕ ਹੀ ਸੁਰੱਖਿਅਤ ਨਹੀਂ ਹਨ ਤਾਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੌਣ ਬਚਾਏਗਾ ?

ਵਰਲਡ ਸਿੱਖ ਪਾਰਲੀਮੈਂਟ ਦੇ ਕੋਆਰਡੀਨੇਟਰ ਭਾਈ ਹਿੰਮਤ ਸਿੰਘ (ਅਮਰੀਕਾ), ਕੋ-ਕੋਆਰਡੀਨੇਟਰ ਭਾਈ ਗੁਰਚਰਨ ਸਿੰਘ ਗੁਰਾਇਆ, ਭਾਈ ਜਤਿੰਦਰ ਸਿੰਘ (ਜਰਮਨੀ), ਮੁੱਖ ਬੁਲਾਰੇ ਭਾਈ ਜੋਗਾ ਸਿੰਘ, ਜਨਰਲ ਸਕੱਤਰ ਭਾਈ ਮਨਪ੍ਰੀਤ ਸਿੰਘ (ਇੰਗਲੈਂਡ), ਭਾਈ ਮਨਬੀਰ ਸਿੰਘ ਸੰਧੂ, ਭਾਈ ਭਗਤ ਸਿੰਘ (ਕੈਨੇਡਾ), ਭਾਈ ਪ੍ਰਿਤਪਾਲ ਸਿੰਘ (ਸਵਿਟਜ਼ਰਲੈਂਡ), ਭਾਈ ਹਰਜੋਤ ਸਿੰਘ ਸੰਧੂ (ਹਾਲੈਂਡ), ਭਾਈ ਸਤਨਾਮ ਸਿੰਘ ਅਤੇ ਭਾਈ ਸ਼ਿੰਗਾਰਾ ਸਿੰਘ ਮਾਨ (ਫਰਾਂਸ) ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਪਰਮਿੰਦਰ ਸਿੰਘ ਝੋਟੇ ਦੇ ਕਤਲ ਨੇ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਚੱਲ ਰਹੇ ਸੰਘਰਸ਼ ਅਤੇ ਇਸ ਨਾਲ ਜੁੜੇ ਕਾਰਕੁਨਾਂ ਦੀ ਸੁਰੱਖਿਆ ਸਬੰਧੀ ਗੰਭੀਰ ਚਿੰਤਾਵਾਂ ਪੈਦਾ ਕਰ ਦਿੱਤੀਆਂ ਹਨ।

ਪਾਰਲੀਮੈਂਟ ਨੇ ਕਿਹਾ ਕਿ ਇਸ ਘਟਨਾ ਦੀ ਨਿਰਪੱਖ ਅਤੇ ਉੱਚ ਪੱਧਰੀ ਜਾਂਚ ਕਰਵਾ ਕੇ ਸਾਰੇ ਤੱਥ ਜਨਤਕ ਕੀਤੇ ਜਾਣ ਅਤੇ ਦੋਸ਼ ਸਾਬਤ ਹੋਣ 'ਤੇ ਜ਼ਿੰਮੇਵਾਰ ਵਿਅਕਤੀਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਦਿੱਤੀ ਜਾਵੇ।ਆਗੂਆਂ ਨੇ ਕਿਹਾ ਕਿ ਇਹ ਘਟਨਾ ਸਿਰਫ਼ ਇੱਕ ਸਮਾਜਿਕ ਕਾਰਕੁਨ ਦੀ ਹੱਤਿਆ ਦਾ ਮਾਮਲਾ ਨਹੀਂ, ਸਗੋਂ ਨਸ਼ਿਆਂ ਵਿਰੁੱਧ ਉੱਠ ਰਹੀ ਲੋਕ ਆਵਾਜ਼ ਨੂੰ ਦਹਿਸ਼ਤ ਰਾਹੀਂ ਚੁੱਪ ਕਰਵਾਉਣ ਦੀ ਕਥਿਤ ਕੋਸ਼ਿਸ਼ ਵਜੋਂ ਵੀ ਦੇਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਵਧਦਾ ਪ੍ਰਭਾਵ ਨੌਜਵਾਨ ਪੀੜ੍ਹੀ, ਪਰਿਵਾਰਾਂ ਅਤੇ ਸਮੁੱਚੇ ਸਮਾਜ ਲਈ ਗੰਭੀਰ ਚੁਣੌਤੀ ਬਣਿਆ ਹੋਇਆ ਹੈ।

ਵਰਲਡ ਸਿੱਖ ਪਾਰਲੀਮੈਂਟ ਨੇ ਆਪਣੇ ਬਿਆਨ ਵਿੱਚ ਭਾਰਤੀ ਹਕੂਮਤਾਂ ਦੀਆਂ ਪਿਛਲੀਆਂ ਨੀਤੀਆਂ ਦੀ ਆਲੋਚਨਾ ਕਰਦਿਆਂ ਦੋਸ਼ ਲਾਇਆ ਕਿ ਪੰਜਾਬ ਨੇ ਪਿਛਲੇ ਕਈ ਦਹਾਕਿਆਂ ਦੌਰਾਨ ਸਿਆਸੀ, ਸਮਾਜਿਕ ਅਤੇ ਮਨੁੱਖੀ ਅਧਿਕਾਰਾਂ ਨਾਲ ਜੁੜੇ ਗੰਭੀਰ ਸੰਕਟਾਂ ਦਾ ਸਾਹਮਣਾ ਕੀਤਾ ਹੈ। ਆਗੂਆਂ ਨੇ ਕਿਹਾ ਕਿ ਪਹਿਲਾਂ ਪੰਜਾਬ ਦੇ ਨੌਜਵਾਨਾਂ ਨੂੰ ਕਥਿਤ ਝੂਠੇ ਪੁਲਿਸ ਮੁਕਾਬਲਿਆਂ, ਜੇਲ੍ਹਾਂ ਅਤੇ ਜਲਾਵਤਨੀ ਵਰਗੀਆਂ ਸਥਿਤੀਆਂ ਦਾ ਸਾਹਮਣਾ ਕਰਨਾ ਪਿਆ ਅਤੇ ਹੁਣ ਨਸ਼ਿਆਂ ਦੀ ਮਾਰ ਨੇ ਪੰਜਾਬ ਦੀ ਨਵੀਂ ਪੀੜ੍ਹੀ ਦੇ ਭਵਿੱਖ ਅੱਗੇ ਵੱਡੇ ਸਵਾਲ ਖੜ੍ਹੇ ਕਰ ਦਿੱਤੇ ਹਨ।

ਪਾਰਲੀਮੈਂਟ ਦੇ ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਵਿੱਚ ਨਸ਼ਿਆਂ ਦੇ ਵੱਡੇ ਪੱਧਰ 'ਤੇ ਫੈਲਾਅ ਨੂੰ ਸਿਰਫ਼ ਕੁਝ ਅਪਰਾਧਿਕ ਵਿਅਕਤੀਆਂ ਦੀਆਂ ਸਰਗਰਮੀਆਂ ਤੱਕ ਸੀਮਤ ਕਰਕੇ ਨਹੀਂ ਦੇਖਿਆ ਜਾ ਸਕਦਾ। ਉਨ੍ਹਾਂ ਮੁਤਾਬਕ ਨਸ਼ਾ ਤਸਕਰੀ ਨੂੰ ਰੋਕਣ ਵਿੱਚ ਪ੍ਰਸ਼ਾਸਨਿਕ ਨਾਕਾਮੀਆਂ ਦੇ ਨਾਲ ਸਿਆਸੀ ਅਤੇ ਪੁਲਿਸ ਸਰਪ੍ਰਸਤੀ ਦੇ ਦੋਸ਼ਾਂ ਦੀ ਵੀ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਜਦੋਂ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕ ਡਰ ਦੇ ਸਾਏ ਹੇਠ ਰਹਿਣ ਲਈ ਮਜਬੂਰ ਹੋ ਜਾਣ ਤਾਂ ਸਰਕਾਰ ਦੀ ਜਵਾਬਦੇਹੀ ਹੋਰ ਵੀ ਵੱਧ ਜਾਂਦੀ ਹੈ।

ਆਗੂਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਪਰਮਿੰਦਰ ਸਿੰਘ ਝੋਟੇ ਦੇ ਕਤਲ ਮਾਮਲੇ ਦੀ ਜਾਂਚ ਬਿਨਾਂ ਕਿਸੇ ਸਿਆਸੀ ਜਾਂ ਪ੍ਰਸ਼ਾਸਨਿਕ ਦਬਾਅ ਦੇ ਕਰਵਾਈ ਜਾਵੇ। ਵਰਲਡ ਸਿੱਖ ਪਾਰਲੀਮੈਂਟ ਨੇ ਸਮੁੱਚੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਵਿਰੁੱਧ ਲੜਾਈ ਨੂੰ ਕਿਸੇ ਇੱਕ ਵਿਅਕਤੀ ਜਾਂ ਜਥੇਬੰਦੀ ਤੱਕ ਸੀਮਤ ਨਾ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਸਿਰਫ਼ ਕਾਨੂੰਨ ਵਿਵਸਥਾ ਦਾ ਮਾਮਲਾ ਨਹੀਂ, ਸਗੋਂ ਪੰਜਾਬ ਦੀ ਹੋਂਦ, ਅਣਖ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨਾਲ ਜੁੜਿਆ ਹੋਇਆ ਸੰਘਰਸ਼ ਹੈ। ਇਸ ਲਈ ਸਮੂਹ ਇਨਸਾਫ਼ਪਸੰਦ ਪੰਜਾਬੀਆਂ ਨੂੰ ਆਪਸੀ ਵਖਰੇਵਿਆਂ ਤੋਂ ਉੱਪਰ ਉੱਠ ਕੇ ਲੋਕਤੰਤਰੀ ਅਤੇ ਸ਼ਾਂਤਮਈ ਢੰਗ ਨਾਲ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ।

# ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਵੱਲੋਂ ਫਿਰੋਜ਼ਪੁਰ ਲੋਕ ਲਹਿਰ ਕਮੇਟੀ ਨੂੰ ਪੂਰਨ ਹਮਾਇਤ ਦਾ ਐਲਾਨ—ਦੜਿਆਲਾ



**ਫ਼ਿਰੋਜ਼ਪੁਰ, 13 ਅਕਤੂਬਰ (ਮਨੋਹਰ ਲਾਲ) :—** ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਮਿਲਾਵਟਖੋਰਾਂ ਵਿਰੁੱਧ ਲਗਾਤਾਰ ਸਖਤ ਕਾਰਵਾਈ ਕਰਨ ਵਾਲੇ ਨਿਡਰ ਫੂਡ ਸੇਫਟੀ ਇੰਸਪੈਕਟਰ ਅਭਿਨਵ ਕੁਮਾਰ ਖੋਸਲਾ ਦੀ ਬਹਾਲੀ ਦੀ ਸ਼ਾਨਦਾਰ ਜਿੱਤ ਦੇ ਸਬੰਧ ਵਿੱਚ ਸੰਘਰਸ਼ ਵਿਚ ਸਾਥ ਦੇਣ ਵਾਲੀਆਂ ਸਮੂਹ ਜਥੇਬੰਦੀਆਂ ਦਾ ਤਿਹ ਦਿਲੋਂ ਧੰਨਵਾਦ ਕਰਣ ਲਈ ਭਾਈ ਮਰਦਾਨਾ ਕੀਰਤਨ ਦਰਬਾਰ ਹਾਲ ਵਿੱਚ ਇੱਕ ਵਿਸ਼ੇਸ਼ ਮੀਟਿੰਗ ਸੱਦੀ ਗਈ ਜਿਸ ਵਿੱਚ ਫਿਰੋਜ਼ਪੁਰ ਲੋਕ ਲਹਿਰ ਕਮੇਟੀ ਦੇ ਆਗੂਆਂ ਨੇ ਸਾਰੀਆਂ ਜਥੇਬੰਦੀਆਂ ਦਾ ਧੰਨਵਾਦ ਕਰਦਿਆਂ ਹੱਕ ਸੱਚ ਦੀ ਲੜਾਈ ਲੜਨ ਲਈ ਕਮੇਟੀ ਵਿੱਚ ਸ਼ਾਮਲ ਹੋਣਾ ਦਾ ਸੰਦੇਸ਼ ਦਿੱਤਾ। ਇਸ ਮੌਕੇ ਹਰਭਜਨ ਸਿੰਘ ਦੜਿਆਲਾ ਪੰਜਾਬ ਪ੍ਰਧਾਨ ਨੇ ਕਿਹਾ ਕਿ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਹੱਕ ਸੱਚ ਅਤੇ ਇਨਸਾਫ ਲਈ ਲੜਨ ਵਾਲੀ ਫਿਰੋਜ਼ਪੁਰ ਲੋਕ ਲਹਿਰ ਕਮੇਟੀ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨ ਲਈ ਪੂਰਨ ਹਮਾਇਤ ਦਾ ਵਿਸ਼ਵਾਸ ਦਿਵਾਇਆ ਜਾਂਦਾ ਹੈ ਲੋਕ ਹਿੱਤਾਂ ਅਤੇ ਇਨਸਾਫ਼ ਲਈ ਲੜਾਈ ਆਪਸੀ ਏਕਤਾ ਅਤੇ ਸਾਂਝੇ ਸੰਘਰਸ਼ ਨਾਲ ਹੀ ਜਿੱਤੀ ਜਾ ਸਕਦੀ ਹੈ। ਇਸ ਮੌਕੇ ਭਗਵਾਨ ਸਿੰਘ ਦੜਿਆਲਾ ਚੇਅਰਮੈਨ ਪੰਜਾਬ, ਸੁਖਮਿੰਦਰ ਸਿੰਘ ਜੱਬਲ ਸਕੱਤਰ ਜਨਰਲ ਪੰਜਾਬ, ਜਸਬੀਰ ਸਿੰਘ ਕਲਸੀ ਜਰਨਲ ਸਕੱਤਰ ਪੰਜਾਬ, ਜਸਵਿੰਦਰ ਸਿੰਘ ਸੰਧੂ ਵਾਈਸ ਚੇਅਰਮੈਨ ਪੰਜਾਬ, ਸੁਖਚੈਨ ਸਿੰਘ ਨਾਗੀ ਵਾਈਸ ਚੇਅਰਮੈਨ ਪੰਜਾਬ, ਹਰਜਿੰਦਰ ਸਿੰਘ ਦੜਿਆਲਾ ਮੀਤ ਪ੍ਰਧਾਨ ਪੰਜਾਬ, ਅੰਗਰੇਜ਼ ਸਿੰਘ ਕਲਸੀ ਜਿਲਾ ਪ੍ਰਧਾਨ ਬੂਟਾ ਸਿੰਘ ਹਰਿਆਨ ਮੀਤ ਪ੍ਰਧਾਨ ਪੰਜਾਬ, ਸਤਨਾਮ ਸਿੰਘ ਹਰਿਆਨ ਮੀਤ ਪ੍ਰਧਾਨ ਪੰਜਾਬ ਵੀ ਹਾਜ਼ਰ ਸਨ।

# ਨਸ਼ਿਆਂ ਦੇ ਖਾਤਮੇ ਲਈ ਫਿਰੋਜਪੁਰ ਸ਼ਹਿਰ ਵਿਖੇ ਜਾਗਰੂਕਤ ਸੈਮੀਨਰ—ਭੁੱਲਰ



ਫ਼ਿਰੋਜ਼ਪੁਰ, 13 ਅਕਤੂਬਰ (ਮਨੋਹਰ ਲਾਲ) :— ਅੱਜ ਇੱਕ ਮੀਟਿੰਗ ਗੁਰਚਰਨ ਸਿੰਘ ਭੁੱਲਰ ਜਿਲ੍ਹਾ ਪ੍ਰਧਾਨ ਸ੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਫਿਰੋਜਪੁਰ ਨੇ ਕੀਤੀ, ਜਿਸ ਵਿਚ ਬੋਲਦਿਆਂ ਉਨ੍ਹਾਂ ਕਿਹਾ ਕਿ ਨਸਿਆਂ ਨੇ ਸਾਡੀ ਨੌਜਵਾਨੀ ਦਾ ਮੂੰਹ ਸਿਵਿਆਂ ਵੱਲ ਕਰ ਦਿੱਤਾ ਹੈ ਜਿਸ ਦਾ ਕਾਰਨ ਅੱਜ ਤੱਕ ਜਿੰਨੀਆਂ ਵੀ ਪਾਰਟੀਆਂ ਸਰਕਾਰਾਂ ਬਣਾਈਆਂ ਉਨ੍ਹਾਂ ਨੇ ਨਸੇ. ਰੋਕਣ ਦੀ ਜਗਾਹ ਵਧਾਏ ਹਨ। ਅੱਜ ਹਾਲਾਤ ਇਹ ਹੋ ਗਏ ਹਨ ਕਿ ਜਿਥੇ ਪਹਿਲਾਂ ਨਸੇ. ਲੁਕਵੇ ਮਿਲਦੇ ਸਨ, ਅੱਜ ਨਸੇ. ਲੋਕਾਂ ਦੇ ਬੂਹਾਂ ਵਿੱਚ ਪਾਹੁੰਚ ਗਏ ਹਨ ਅਤੇ ਨੌਜਵਾਨੀ ਨਸੇ. ਰੂਪੀ ਅਜਗਰ ਦੇ ਮੂੰਹ ਵਿੱਚ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਬਜਾਰਾਂ ਵਿੱਚ ਥਾਂ—ਥਾਂ ਨਸੇ. ਦੀਆਂ ਗੋਲੀਆਂ ਸ਼ਰੇਆਮ ਵਿਕ ਰਹੀਆਂ ਹਨ, ਨਸੇ. ਦੀ ਦਲਦਲ ਵਿੱਚੋ ਕੱਢਣ ਵਾਸਤੇ ਸ੍ਰੌਮਣੀ ਅਕਾਲੀ ਦਲ ਅੰਮ੍ਰਿਤਸਰ ਜਿਲ੍ਹਾ ਫਿਰੋਜਪੁਰ ਵੱਲੋ ਨਸੇ. ਵਿਰੁੱਧ ਜਾਗਰੂਕਤਾ ਸੈਮੀਨਰ 14 ਅਕਤੂਬਰ 26 ਨੂੰ ਪੰਚਵਟੀ ਰਿਜੋਰਟ ਨਜਦੀਕ ਬਾਗੀ ਹਸਪਤਾਲ ਸਵੇਰੇ 11 ਵਜੇ ਤੋਂ 2 ਵਜੇ ਤੱਕ ਕੀਤੀ ਜਾਵੇਗੀ, ਜਿਸ ਵਿੱਚ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਪਾਹੁੰਚ ਰਹੇ ਹਨ। ਇਸ ਸੈਮੀਨਾਰ ਵਿੱਚ ਪ੍ਰੈਸ ਵਾਲੇ ਵੀਰ, ਰਿਟਾਇਰਡ ਡਾਕਟਰ, ਪੁਲਿਸ ਅਫਸਰ ਅਤੇ ਸਮਾਜ ਸੇਵੀ, ਕਿਸਾਨ ਜੰਥੇਬੰਦੀਆ, ਪੰਥਕ ਜੰਥੇਬੰਦੀਆਂ ਪਾਹੁੰਚ ਰਹੀਆਂ ਹਨ। ਸਮੂਹ ਪੰਜਾਬ ਦਰਦੀਆਂ ਨੂੰ ਬੇਨਤੀ ਹੈ ਕਿ ਨਸੇ. ਨੂੰ ਠੱਲ ਪਾਉਣ ਵਾਸਤੇ ਵਿਚਾਰਾਂ ਕਰਨ ਲਈ ਜਰੂਰ ਪਾਹੁੰਚੋ ਜੀ। ਇਸ ਸਮੇਂ ਜਸਵੰਤ ਸਿੰਘ ਮਮਦੋਟ ਪ੍ਰਧਾਨ ਸੋਸਿਲ ਮੀਡੀਆ, ਡਾ: ਜਗਰੂਪ ਸਿੰਘ ਪ੍ਰਧਾਨ ਸਰਕਲ ਸਦਰ ਫਿਰੋਜਪੁਰ, ਜਗਜੀਤ ਸਿੰਘ ਜੋਧਪੁਰ, ਕੁਲਬੀਰ ਸਿੰਘ ਭੁੱਲਰ, ਕਾਬਲ ਸਿੰਘ ਭੁੱਲਰ, ਗੁਰਵਿੰਦਰ ਸਿੰਘ ਭੁੱਲਰ, ਨਾਮਪ੍ਰੀਤ ਸਿੰਘ ਆਦਿ ਹਾਜਰ ਹੋਏ।

ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਵਿਧਾਇਕ ਗਿਆਸਪੁਰਾ ਖ਼ਿਲਾਫ਼ ਪੁਲਿਸ ਕਮਿਸ਼ਨਰ ਨੂੰ ਸ਼ਿਕਾਇਤ

# ਸਿੱਖ ਸੰਸਥਾਵਾਂ ਬਾਰੇ ਕਥਿਤ ਇਤਰਾਜ਼ਯੋਗ ਟਿੱਪਣੀਆਂ ਦੇ ਮਾਮਲੇ 'ਚ ਕਾਨੂੰਨ ਅਨੁਸਾਰ ਕਾਰਵਾਈ ਦੀ ਮੰਗ

**ਅੰਮ੍ਰਿਤਸਰ, 13 ਅਕਤੂਬਰ (ਆਵਾਜ਼-ਏ-ਕੌਮ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿਖੇ ਜਾਤੀ ਆਧਾਰਿਤ ਵਿਤਕਰੇ ਦੇ ਦੋਸ਼ ਲਗਾਉਣ ਅਤੇ ਸਿੱਖ ਸੰਸਥਾ ਬਾਰੇ ਕਥਿਤ ਇਤਰਾਜ਼ਯੋਗ ਟਿੱਪਣੀਆਂ ਕਰਨ ਦੇ ਮਾਮਲੇ ਵਿੱਚ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਖ਼ਿਲਾਫ਼ ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਨੂੰ ਸ਼ਿਕਾਇਤ ਦਿੱਤੀ ਗਈ ਹੈ। ਪ੍ਰਬੰਧਕਾਂ ਨੇ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ ਦੀ ਅਗਵਾਈ ਹੇਠ ਅਧਿਕਾਰੀਆਂ ਵੱਲੋਂ ਦਿੱਤੀ ਗਈ ਸ਼ਿਕਾਇਤ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਵਿਧਾਇਕ ਵੱਲੋਂ ਲਗਾਏ ਗਏ ਦੋਸ਼ ਤੱਥਾਂ ਦੇ ਉਲਟ ਹਨ ਅਤੇ ਅਜਿਹੇ ਬਿਆਨਾਂ ਨਾਲ ਸਿੱਖ ਸੰਸਥਾਵਾਂ ਦੇ ਅਕਸ ਨੂੰ ਨੁਕਸਾਨ ਪਹੁੰਚਣ ਦੇ ਨਾਲ-ਨਾਲ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਵੀ ਠੇਸ ਪਹੁੰਚ ਸਕਦੀ ਹੈ।



ਸ਼ਿਕਾਇਤ ਅਨੁਸਾਰ, ਵਿਧਾਇਕ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿੱਚ ਦਾਖ਼ਲ ਹੋਣ ਤੋਂ ਰੋਕਣ ਦਾ ਕਾਰਨ ਜਾਤੀ ਆਧਾਰਿਤ ਨਹੀਂ ਸੀ, ਸਗੋਂ ਪ੍ਰਬੰਧਕਾਂ ਮੁਤਾਬਕ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਅਤੇ ਸਿੱਖ ਸੰਸਥਾ ਬਾਰੇ ਉਨ੍ਹਾਂ ਵੱਲੋਂ ਪਹਿਲਾਂ ਕੀਤੀਆਂ ਗਈਆਂ ਕਥਿਤ ਇਤਰਾਜ਼ਯੋਗ ਟਿੱਪਣੀਆਂ ਸਨ।

ਪ੍ਰਬੰਧਕਾਂ ਨੇ ਕਿਹਾ ਕਿ ਸਿੱਖ ਧਰਮ ਜਾਤ-ਪਾਤ, ਊਚ-ਨੀਚ ਅਤੇ ਕਿਸੇ ਵੀ ਤਰ੍ਹਾਂ ਦੇ ਵਿਤਕਰੇ ਨੂੰ ਮਾਨਤਾ ਨਹੀਂ ਦਿੰਦਾ। ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤ ਸਰਬਸਾਂਝੀਵਾਲਤਾ, ਬਰਾਬਰਤਾ ਅਤੇ ਮਨੁੱਖੀ ਸਤਿਕਾਰ 'ਤੇ ਆਧਾਰਿਤ ਹਨ। ਉਨ੍ਹਾਂ ਅਨੁਸਾਰ, ਇਨ੍ਹਾਂ ਪਵਿੱਤਰ ਅਸਥਾਨਾਂ 'ਤੇ ਜਾਤੀ ਵਿਤਕਰੇ ਦੇ ਦੋਸ਼ ਲਗਾਉਣ ਨਾਲ ਸਿੱਖ ਸਿਧਾਂਤਾਂ ਦੀ ਅਸਲ ਭਾਵਨਾ ਬਾਰੇ ਗ.ਲਤ ਪ੍ਰਭਾਵ ਪੈ ਸਕਦਾ ਹੈ। ਸ਼ਿਕਾਇਤ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਵਿਧਾਇਕ ਵੱਲੋਂ ਮੀਡੀਆ ਅਤੇ ਸੋਸ਼ਲ ਮੀਡੀਆ 'ਤੇ ਦਿੱਤੇ ਗਏ ਬਿਆਨਾਂ ਅਤੇ ਪ੍ਰਸਾਰਿਤ ਵੀਡੀਓਜ਼ ਕਾਰਨ ਸਿੱਖ ਸੰਸਥਾਵਾਂ, ਉਨ੍ਹਾਂ ਦੇ ਪ੍ਰਬੰਧਕਾਂ ਅਤੇ ਅਹੁਦੇਦਾਰਾਂ ਦੀ ਸਾਖ ਨੂੰ ਨੁਕਸਾਨ ਪਹੁੰਚਣ ਦਾ ਖ਼ਦਸ਼ਾ ਹੈ। ਇਸ ਦੇ ਨਾਲ ਹੀ ਸਮਾਜ ਵਿੱਚ ਬੇਲੋੜਾ ਤਣਾਅ ਪੈਦਾ ਹੋਣ ਦੀ ਸੰਭਾਵਨਾ ਵੀ ਪ੍ਰਗਟਾਈ ਗਈ ਹੈ। ਪ੍ਰਬੰਧਕਾਂ ਨੇ ਇਸ ਤੋਂ ਪਹਿਲਾਂ ਜਾਰੀ ਕੀਤੀਆਂ ਗਈਆਂ ਹੋਰ ਵੀਡੀਓਜ਼ ਦੀ ਵੀ ਜਾਂਚ ਕਰਨ ਦੀ ਮੰਗ ਕੀਤੀ ਹੈ। ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ ਨੇ ਕਿਹਾ ਕਿ ਸਿੱਖ ਸੰਸਥਾਵਾਂ ਬਾਰੇ ਬਿਆਨ ਦਿੰਦਿਆਂ ਤੱਥਾਂ ਅਤੇ ਧਾਰਮਿਕ ਭਾਵਨਾਵਾਂ ਦੀ ਸੰਵੇਦਨਸ਼ੀਲਤਾ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਹਰ ਆਗੂ ਨੂੰ ਅਜਿਹੀ ਬਿਆਨਬਾਜ਼ੀ ਤੋਂ ਗੁਰੇਜ਼ ਕਰਨਾ ਚਾਹੀਦਾ ਹੈ, ਜਿਸ ਨਾਲ ਸਮਾਜ ਵਿੱਚ ਵੰਡ ਪੈਦਾ ਹੋਣ ਜਾਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਣ ਦਾ ਖ਼ਦਸ਼ਾ ਹੋਵੇ।

ਸ਼ਿਕਾਇਤ ਸੌਂਪਣ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਜਨਰਲ ਮੈਨੇਜਰ ਸ. ਮੇਜਰ ਸਿੰਘ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਮੈਨੇਜਰ ਸ. ਨਰਿੰਦਰ ਸਿੰਘ, ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਭੋਮਾ ਅਤੇ ਆਈ.ਟੀ. ਇੰਚਾਰਜ ਸ. ਉਮਕਾਰ ਸਿੰਘ ਵੀ ਮੌਜੂਦ ਸਨ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ

# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਪੀੜਤ ਬੀਬੀ ਦੇ ਬਿਆਨ ਦਰਜ ਕਰਕੇ ਘਟਨਾ ਸਥਾਨਾਂ ਦਾ ਕੀਤਾ ਦੌਰਾ

# ਸਬੂਤਾਂ ਦੇ ਆਧਾਰ 'ਤੇ ਕਾਨੂੰਨ ਅਨੁਸਾਰ ਕਾਰਵਾਈ ਦਾ ਭਰੋਸਾ



**ਸ੍ਰੀ ਅਨੰਦਪੁਰ ਸਾਹਿਬ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਮਰਜੀਤ ਸਿੰਘ ਚਾਵਲਾ ਮਾਮਲੇ ਨੂੰ ਲੈ ਕੇ ਗਠਿਤ ਵਿਸ਼ੇਸ਼ ਜਾਂਚ ਟੀਮ (ਸਿੱਟ) ਵੱਲੋਂ ਅੱਜ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਰਾਵਾਂ ਵਿਖੇ ਪਹੁੰਚ ਕੇ ਮਾਮਲੇ ਦੀ ਜਾਂਚ ਅੱਗੇ ਵਧਾਈ ਗਈ। ਸਿੱਟ ਵੱਲੋਂ ਪੀੜਤ ਬੀਬੀ ਦੇ ਬਿਆਨ ਦਰਜ ਕਰਨ ਦੇ ਨਾਲ-ਨਾਲ ਉਨ੍ਹਾਂ ਥਾਵਾਂ ਦਾ ਦੌਰਾ ਵੀ ਕੀਤਾ ਗਿਆ। ਟੀਮ ਨੇ ਪਹਿਲਾਂ ਮਿਲੇ ਜਾਂਚ ਰਿਕਾਰਡ ਦੀ ਘੋਖ ਕਰਨ ਉਪਰੰਤ ਮਾਮਲੇ ਦੇ ਤੱਥਾਂ ਅਤੇ ਸਬੂਤਾਂ ਨੂੰ ਇਕੱਠਾ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।ਮੀਡੀਆ ਨਾਲ ਗੱਲਬਾਤ ਕਰਦਿਆਂ ਸਿੱਟ ਚੇਅਰਮੈਨ ਅਤੇ ਐਸਐਸਪੀ ਫਰੀਦਕੋਟ ਸ੍ਰੀ ਗੁਰਬੰਸ ਸਿੰਘ ਬੈਂਸ ਨੇ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਪੁਲਿਸ ਵੱਲੋਂ ਮਾਮਲੇ ਨਾਲ ਸਬੰਧਤ ਰਿਕਾਰਡ ਸਿੱਟ ਨੂੰ ਸੌਂਪਿਆ ਗਿਆ ਸੀ। ਇਸ ਰਿਕਾਰਡ ਦੀ ਜਾਂਚ ਕਰਨ ਤੋਂ ਬਾਅਦ ਟੀਮ ਨੇ ਪੀੜਤ ਬੀਬੀ ਦੇ ਬਿਆਨ ਦਰਜ ਕੀਤੇ ਅਤੇ ਉਨ੍ਹਾਂ ਤੋਂ ਘਟਨਾਕ੍ਰਮ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ। ਇਸ ਤੋਂ ਬਾਅਦ ਟੀਮ ਨੇ ਉਨ੍ਹਾਂ ਸਾਰੀਆਂ ਥਾਵਾਂ ਦਾ ਦੌਰਾ ਕੀਤਾ, ਜਿੱਥੇ ਪੀੜਤ ਬੀਬੀ ਨੂੰ ਕਥਿਤ ਤੌਰ 'ਤੇ ਠਹਿਰਾਇਆ ਗਿਆ ਜਾਂ ਰੋਕਿਆ ਗਿਆ ਸੀ। ਉਨ੍ਹਾਂ ਦੱਸਿਆ ਕਿ ਸਿੱਟ ਮਾਮਲੇ ਦੀ ਮੁੱਢਲੀ ਜਾਂਚ ਕਰ ਰਹੀ ਹੈ ਅਤੇ ਜਾਂਚ ਨੂੰ ਅੱਗੇ ਵਧਾਉਣ ਲਈ ਹੋਰ ਸਬੰਧਤ ਰਿਕਾਰਡ ਦੀ ਵੀ ਲੋੜ ਹੈ। ਇਸ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਨਾਲ ਤਾਲਮੇਲ ਕਰਕੇ ਲੋੜੀਂਦਾ ਰਿਕਾਰਡ ਪ੍ਰਾਪਤ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਅਗਲੀ ਕਾਰਵਾਈ ਕੀਤੀ ਜਾਵੇਗੀ। ਸਿੱਟ ਚੇਅਰਮੈਨ ਅਤੇ ਐਸਐਸਪੀ ਗੁਰਬੰਸ ਸਿੰਘ ਬੈਂਸ ਨੇ ਦੱਸਿਆ ਕਿ ਕਾਨੂੰਨ ਦੀ ਨਜ਼ਰ ਵਿੱਚ ਕੋਈ ਵੀ ਵਿਅਕਤੀ ਛੋਟਾ ਜਾਂ ਵੱਡਾ ਨਹੀਂ ਹੈ। ਜੇਕਰ ਕਿਸੇ ਵਿਅਕਤੀ ਵਿਰੁੱਧ ਜੁਰਮ ਕਰਨ ਦੇ ਪੁਖ਼ਤਾ ਸਬੂਤ ਸਾਹਮਣੇ ਆਉਂਦੇ ਹਨ ਤਾਂ ਉਸ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਵਿਰੁੱਧ ਦੋਸ਼ ਲਗਾਏ ਗਏ ਹਨ, ਉਹ ਜਾਂਚ ਵਿੱਚ ਆਪਣਾ ਪੱਖ ਅਤੇ ਸਬੂਤ ਪੇਸ਼ ਕਰ ਸਕਦੇ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਸਿੱਟ ਆਪਣੀ ਜਾਂਚ ਪੂਰੀ ਕਾਨੂੰਨੀ ਪ੍ਰਕਿਰਿਆ ਅਤੇ ਨਿਯਮਾਂ ਦੀ ਪਾਲਣਾ ਕਰਦਿਆਂ ਕਰੇਗੀ। ਜਾਂਚ ਦੌਰਾਨ ਕਿਸੇ ਵੀ ਬੇਕਸੂਰ ਵਿਅਕਤੀ ਨਾਲ ਬੇਇਨਸਾਫ਼ੀ ਨਹੀਂ ਹੋਣ ਦਿੱਤੀ ਜਾਵੇਗੀ। ਸਿੱਟ ਦੇ ਗਠਨ ਦਾ ਮਕਸਦ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਕੇ ਤੱਥਾਂ ਨੂੰ ਸਾਹਮਣੇ ਲਿਆਉਣਾ ਅਤੇ ਪੀੜਤ ਨੂੰ ਇਨਸਾਫ਼ ਦਿਵਾਉਣ ਲਈ ਕਾਨੂੰਨ ਅਨੁਸਾਰ ਕਾਰਵਾਈ ਯਕੀਨੀ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਜਾਂਚ ਹਾਲੇ ਮੁੱਢਲੇ ਪੜਾਅ 'ਤੇ ਹੈ। ਜਿਵੇਂ-ਜਿਵੇਂ ਤੱਥ ਅਤੇ ਸਬੂਤ ਸਾਹਮਣੇ ਆਉਣਗੇ, ਜਾਂਚ ਨੂੰ ਅੱਗੇ ਵਧਾਇਆ ਜਾਵੇਗਾ ਅਤੇ ਉਸ ਅਨੁਸਾਰ ਅਗਲੇ ਕਦਮ ਚੁੱਕੇ ਜਾਣਗੇ। ਇਸ ਸਿੱਟ ਟੀਮ ਵਿੱਚ ਐਸਐਸਪੀ ਫਰੀਦਕੋਟ ਸ. ਗੁਰਬੰਸ ਸਿੰਘ ਬੈਂਸ ਤੋਂ ਇਲਾਵਾ ਐਸਐਸਪੀ ਵਿਜੀਲੈਂਸ ਮੋਹਾਲੀ ਸ. ਸਿਮਰਨਜੀਤ ਸਿੰਘ ਲੰਗ (ਮੈਂਬਰ) ਅਤੇ ਡੀਐਸਪੀ ਮੁੱਲਾਂਪੁਰ ਦਾਖਾ ਸ਼੍ਰੀ ਕਰਨ ਸੰਧੂ (ਮੈਂਬਰ) ਵੀ ਹਾਜ਼ਰ ਸਨ। ਇਸ ਤੋਂ ਇਲਾਵਾ ਇਸ ਮੌਕੇ ਡੀਐਸਪੀ ਸ੍ਰੀ ਅਨੰਦਪੁਰ ਸਾਹਿਬ ਸ. ਜਸ਼ਨਦੀਪ ਸਿੰਘ ਮਾਨ, ਐਸ.ਐਚ.ਓ ਸ੍ਰੀ ਅਨੰਦਪੁਰ ਸਾਹਿਬ ਸ਼੍ਰੀ ਜਤਿਨ ਕਪੂਰ ਅਤੇ ਐਸ.ਐਚ.ਓ ਕੀਰਤਪੁਰ ਸਾਹਿਬ ਸ਼੍ਰੀ ਰਾਹੁਲ ਸ਼ਰਮਾ ਵੀ ਹਾਜ਼ਰ ਸਨ। ਸਿੱਟ ਵੱਲੋਂ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਅਗਲੀ ਕਾਰਵਾਈ ਜਾਂਚ ਦੌਰਾਨ ਸਾਹਮਣੇ ਆਉਣ ਵਾਲੇ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

**ਸਿੱਟ ਚੇਅਰਮੈਨ ਅਤੇ ਐਸਐਸਪੀ ਫਰੀਦਕੋਟ ਗੁਰਬੰਸ ਸਿੰਘ ਬੈਂਸ ਦੀ ਅਗਵਾਈ ਹੇਠ ਤਿੰਨ ਮੈਂਬਰੀ ਟੀਮ ਵੱਲੋਂ ਜਾਂਚ ਸ਼ੁਰੂ**

### ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੇ ਮੂੰਹ 'ਚੋਂ ਕੱਢਣ ਵਾਲਾ

# ਝੋਟਾ ਖ਼ੁਦ ਮੌਤ ਦੇ ਮੂੰਹ ਵਿੱਚ : ਪੰਥਕ ਜਥੇਬੰਦੀਆਂ ਜਰਮਨੀ

ਨਵੀਂ ਦਿੱਲੀ 13 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਵਿੱਚ ਨਸ਼ਿਆਂ ਦੇ ਕਹਿਰ ਨੇ ਇੱਕ ਵਾਰ ਫਿਰ ਸਮਾਜ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਨਸ਼ਿਆਂ ਖ਼ਿਲਾਫ਼ ਡਟ ਕੇ ਆਵਾਜ਼ ਬੁਲੰਦ ਕਰਨ ਵਾਲੇ ਭਾਈ ਪਲਵਿੰਦਰ ਸਿੰਘ ਝੋਟਾ ਨਾਲ ਵਾਪਰੀ ਮੰਦਭਾਗੀ ਘਟਨਾ 'ਤੇ ਜਰਮਨੀ ਦੀਆਂ ਵੱਖ-ਵੱਖ ਪੰਥਕ ਜਥੇਬੰਦੀਆਂ ਨੇ ਗਹਿਰਾ ਦੁੱਖ ਪ੍ਰਗਟ ਕੀਤਾ ਹੈ। ਉਨ੍ਹਾਂ ਕਿਹਾ ਕਿ ਜਿਹੜਾ ਵਿਅਕਤੀ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਨਸ਼ਾ ਤਸਕਰਾਂ ਦਾ ਸਾਹਮਣਾ ਕਰ ਰਿਹਾ ਸੀ, ਅੱਜ ਉਸੇ ਨੂੰ ਨਸ਼ਾ ਵਪਾਰੀਆਂ ਦੀ ਹਿੰਸਾ ਦਾ ਸ਼ਿਕਾਰ ਹੋਣਾ ਪਿਆ ਹੈ। ਪੰਥਕ ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਛੇਵਾਂ ਦਰਿਆ ਪਿਛਲੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਪੰਜਾਬ ਦੀ ਜਵਾਨੀ, ਪਰਿਵਾਰਾਂ ਦੀ ਖੁਸ਼ਹਾਲੀ ਅਤੇ ਆਰਥਿਕ ਢਾਂਚੇ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਰਿਹਾ ਹੈ। ਹਰ ਰੋਜ਼ ਨਸ਼ਿਆਂ ਨਾਲ ਜੁੜੀਆਂ ਮੌਤਾਂ ਅਤੇ ਹੋਰ ਦਿਲ ਕੰਬਾਊ ਘਟਨਾਵਾਂ ਸਾਹਮਣੇ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਤਸਕਰੀ ਅਤੇ ਵਿਕਰੀ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਰੋਕ ਨਾ ਲੱਗਣਾ ਸਰਕਾਰ ਅਤੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਨਸ਼ਾ ਤਸਕਰਾਂ ਦੇ ਹੌਸਲੇ ਇੰਨੇ ਵੱਧ ਚੁੱਕੇ ਹਨ ਕਿ ਨਸ਼ਿਆਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਜਾਨ ਵੀ ਸੁਰੱਖਿਅਤ ਨਹੀਂ ਰਹੀ। ਜਥੇਬੰਦੀਆਂ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਵਾਲਿਆਂ ਦੀ ਸੁਰੱਖਿਆ ਵੀ ਸਰਕਾਰ ਦੀ ਜ਼ਿੰਮੇਵਾਰੀ ਹੈ ਅਤੇ ਨਸ਼ਿਆਂ ਦੇ ਪੂਰੇ ਨੈੱਟਵਰਕ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ। ਜਰਮਨੀ ਦੀਆਂ ਪੰਥਕ ਜਥੇਬੰਦੀਆਂ ਨੇ ਭਾਈ ਪਲਵਿੰਦਰ ਸਿੰਘ ਝੋਟਾ ਨਾਲ ਵਾਪਰੀ ਘਟਨਾ ਦੀ ਨਿਰਪੱਖ ਜਾਂਚ ਕਰਵਾਉਣ, ਦੋਸ਼ੀਆਂ ਨੂੰ ਤੁਰੰਤ ਕਾਬੂ ਕਰਨ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਸਿਰਫ਼ ਨਸ਼ਾ ਵੇਚਣ ਵਾਲੇ ਛੋਟੇ ਪੱਧਰ ਦੇ ਵਿਅਕਤੀਆਂ ਖ਼ਿਲਾਫ਼ ਕਾਰਵਾਈ ਕਾਫ਼ੀ ਨਹੀਂ, ਬਲਕਿ ਨਸ਼ਿਆਂ ਦੀ ਸਪਲਾਈ ਦੇ ਪਿੱਛੇ ਕੰਮ ਕਰ ਰਹੇ ਪੂਰੇ ਨੈੱਟਵਰਕ ਨੂੰ ਬੇਨਕਾਬ ਕਰਨਾ ਲਾਜ਼ਮੀ ਹੈ। ਇਸ ਸਬੰਧੀ ਸਿੱਖ ਫੈਡਰੇਸ਼ਨ ਜਰਮਨੀ ਦੇ ਭਾਈ ਗੁਰਮੀਤ ਸਿੰਘ ਖਨਿਆਣ,



ਭਾਈ ਗੁਰਦਿਆਲ ਸਿੰਘ ਲਾਲੀ, ਭਾਈ ਸੁਖਦੇਵ ਸਿੰਘ ਹੇਰਾਂ ਅਤੇ ਭਾਈ ਅਮਰਜੀਤ ਸਿੰਘ ਮੰਗੂਪੁਰ, ਬੱਬਰ ਖਾਲਸਾ ਜਰਮਨੀ ਦੇ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਰਜਿੰਦਰ ਸਿੰਘ ਬੱਬਰ ਅਤੇ ਭਾਈ ਅਵਤਾਰ ਸਿੰਘ ਬੱਬਰ, ਦਲ ਖਾਲਸਾ ਇੰਟਰਨੈਸ਼ਨਲ ਜਰਮਨੀ ਦੇ ਭਾਈ ਹਰਮੀਤ ਸਿੰਘ ਅਤੇ ਭਾਈ ਅੰਗਰੇਜ਼ ਸਿੰਘ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਜਰਮਨੀ ਦੇ ਭਾਈ ਹੀਰਾ ਸਿੰਘ ਮੱਤੇਵਾਲ ਅਤੇ ਸਿੱਖ ਫੈਡਰੇਸ਼ਨ ਇੰਟਰਨੈਸ਼ਨਲ ਜਰਮਨੀ ਦੇ ਭਾਈ ਲਖਵਿੰਦਰ ਸਿੰਘ ਮੱਲ੍ਹੀ ਨੇ ਸਾਂਝੇ ਤੌਰ 'ਤੇ ਭਾਈ ਪਲਵਿੰਦਰ ਸਿੰਘ ਝੋਟਾ ਨਾਲ ਵਾਪਰੀ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਪੰਥਕ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਆਪਣੀ ਜਾਨ ਤੱਕ ਜੋਖ਼ਮ ਵਿੱਚ ਪਾਉਣ ਵਾਲੇ ਲੋਕਾਂ ਨੂੰ ਇਕੱਲਾ ਨਹੀਂ ਛੱਡਿਆ ਜਾ ਸਕਦਾ। ਸਰਕਾਰ ਨੂੰ ਨਸ਼ਿਆਂ ਖ਼ਿਲਾਫ਼ ਸਿਰਫ਼ ਬਿਆਨਬਾਜ਼ੀ ਦੀ ਬਜਾਏ ਜ਼ਮੀਨੀ ਪੱਧਰ 'ਤੇ ਸਖ਼ਤ ਅਤੇ ਨਿਰਣਾਇਕ ਕਾਰਵਾਈ ਕਰਨੀ ਪਵੇਗੀ, ਤਾਂ ਜੋ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਇਸ ਕਾਲੇ ਧੰਦੇ ਦੀ ਮਾਰ ਤੋਂ ਬਚਾਇਆ ਜਾ ਸਕੇ।

**ਨਸ਼ਾ ਤਸਕਰਾਂ ਦੇ ਵਧਦੇ ਹੌਸਲੇ ਸਰਕਾਰ ਤੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ 'ਤੇ ਵੱਡਾ ਸਵਾਲ**

ਆਵਾਜ਼ਿ ਕੌਮ AWAZE QAUM International Newspaper & WEB TV

# ਬੰਗਲਾ ਸਾਹਿਬ ਰੋਸ ਮੁਜ਼ਾਹਰੇ 'ਚ 'ਆਪ' ਆਗੂਆਂ ਦੀ ਸ਼ਮੂਲੀਅਤ ਦੇ ਵੀਡੀਓ ਸਬੂਤ ਜਾਰੀ: ਕਾਲਕਾ-ਕਾਹਲੋਂ



ਨਵੀਂ ਦਿੱਲੀ, 13 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਦੁਆਰਾ ਬੰਗਲਾ ਸਾਹਿਬ ਅੰਦਰ ਹੋਏ ਰੋਸ ਮੁਜ਼ਾਹਰੇ ਨੂੰ ਲੈ ਕੇ ਆਮ ਆਦਮੀ ਪਾਰਟੀ ਨਾਲ ਜੁੜੇ ਵਰਕਰਾਂ ਦੀ ਸ਼ਮੂਲੀਅਤ ਦੇ ਵੀਡੀਓ ਸਬੂਤ ਜਾਰੀ ਕਰਦਿਆਂ ਕਿਹਾ ਹੈ ਕਿ ਹੁਣ ਇਸ ਮਾਮਲੇ ਦੀ ਅਸਲੀ ਤਸਵੀਰ ਸਾਹਮਣੇ ਆ ਗਈ ਹੈ। ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਵੀਡੀਓ ਵਿੱਚ ਇੱਕ ਮਹਿਲਾ ਅਤੇ ਇੱਕ ਪੁਰਸ਼ ਨੂੰ 'ਆਪ' ਦੀਆਂ ਸਿਆਸੀ ਗਤੀਵਿਧੀਆਂ ਨਾਲ ਸਰਗਰਮੀ ਨਾਲ ਜੁੜਿਆ ਦਿਖਾਇਆ ਗਿਆ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਿਆਸੀ ਮਕਸਦ ਨਾਲ ਗੁਰਦੁਆਰਾ ਸਾਹਿਬ ਦੀ ਮਾਣ-ਮਰਿਆਦਾ ਨੂੰ ਲੈ ਕੇ ਜਾਣਬੁੱਝ ਕੇ ਗਲਤ ਬਿਰਤਾਂਤ ਖੜ੍ਹਾ ਕੀਤਾ ਜਾ ਰਿਹਾ ਹੈ ਅਤੇ ਦਿੱਲੀ ਕਮੇਟੀ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਹੋ ਰਹੀ ਹੈ। ਕਾਲਕਾ ਤੇ ਕਾਹਲੋਂ ਨੇ ਮਨਜੀਤ ਸਿੰਘ ਜੀ.ਕੇ. ਅਤੇ ਪਰਮਜੀਤ ਸਿੰਘ ਸਰਨਾ 'ਤੇ ਵੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਉਹ ਪੁਲਿਸ ਦੇ ਗੁਰਦੁਆਰਾ ਸਾਹਿਬ ਦੇ ਅੰਦਰ ਦਾਖਲੇ ਨੂੰ ਲੈ ਕੇ ਸਿਆਸਤ ਕਰ ਰਹੇ ਹਨ, ਜਦਕਿ ਕਮੇਟੀ ਵੱਲੋਂ ਪੁਲਿਸ ਅਧਿਕਾਰੀਆਂ ਨੂੰ ਪਹਿਲਾਂ ਹੀ ਸਪਸ਼ਟ ਕਰ ਦਿੱਤਾ ਗਿਆ ਸੀ ਕਿ ਗੁਰੂ ਘਰ ਅੰਦਰ ਕਿਸੇ ਤਰ੍ਹਾਂ ਦੀ ਕਾਰਵਾਈ ਨਹੀਂ ਹੋਣ ਦਿੱਤੀ ਜਾਵੇਗੀ। ਉਨ੍ਹਾਂ ਚੁਣੌਤੀ ਦਿੱਤੀ ਕਿ ਜੇ ਪੁਲਿਸ ਵੱਲੋਂ ਪ੍ਰਦਰਸ਼ਨਕਾਰੀਆਂ 'ਤੇ ਜ਼ਬਰਦਸਤੀ ਜਾਂ ਲਾਠੀਚਾਰਜ ਕੀਤਾ ਗਿਆ ਸੀ ਤਾਂ ਇਸ ਦੀ ਵੀਡੀਓ ਪੇਸ਼ ਕੀਤੀ ਜਾਵੇ। ਆਗੂਆਂ ਨੇ ਕਿਹਾ ਕਿ ਦਿੱਲੀ ਕਮੇਟੀ ਨੇ 'ਆਪ' ਆਗੂਆਂ ਖ਼ਿਲਾਫ਼ ਮਾਮਲਾ ਦਰਜ ਕਰਵਾਇਆ ਹੈ, ਫਿਰ ਵੀ ਕੁਝ ਸਿਆਸੀ ਆਗੂਆਂ ਨੂੰ ਇਸ 'ਤੇ ਇਤਰਾਜ਼ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਵੀਡੀਓ ਸਬੂਤਾਂ ਨੇ ਸਿਆਸੀ ਬਿਰਤਾਂਤ ਅਤੇ ਜ਼ਮੀਨੀ ਹਕੀਕਤ ਵਿਚਲਾ ਫ਼ਰਕ ਸਪਸ਼ਟ ਕਰ ਦਿੱਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਫਤਹਿ ਗੜ੍ਹ ਸ਼ੁਕਰ ਚੱਕ ਵਿਖੇ ਬਾਬਾ ਜੀਵਨ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਬੱਡੀ ਕੱਪ 15 ਨੂੰ

### ਕਬੱਡੀ ਕੱਪ ਚ ਨਾਮਵਰ ਟੀਮਾਂ ਦੇ ਖਿਡਾਰੀ ਲੈਣਗੇ ਹਿੱਸਾ



ਅੰਮ੍ਰਿਤਸਰ (ਵੇਰਕਾ), 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਬਾਬਾ ਜੀਵਨ ਸਿੰਘ ਸੇਵਾ ਸੋਸਾਇਟੀ ਵੱਲੋਂ ਐਨ ਆਰ ਆਈ ਵੀਰਾ ਦੇ ਸਹਿਯੋਗ ਨਾਲ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ 8ਵਾਂ ਸਲਾਨਾ ਕਬੱਡੀ ਕੱਪ 15 ਅਕਤੂਬਰ ਨੂੰ ਪਿੰਡ ਫਤਹਿਗੜ੍ਹ ਸ਼ੁਕਰ ਚੱਕ ਵਿਖੇ ਕਰਵਾਇਆ ਜਾ ਰਿਹਾ ਹੈ ।ਇਸ ਸੰਬੰਧੀ ਬਾਬਾ ਜੀਵਨ ਸਿੰਘ ਜੀ ਸੇਵਾ ਸੋਸਾਇਟੀ ਦੇ ਪ੍ਰਧਾਨ ਇੰਦਰਜੀਤ ਸਿੰਘ ਰਿੰਕੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 15 ਅਕਤੂਬਰ ਨੂੰ ਕਰਵਾਏ ਜਾ ਰਹੇ ਇਸ ਕਬੱਡੀ ਕੱਪ ਵਿੱਚ ਮਾਲਵਾ ਲਾਇਨਜ਼ ਕਬੱਡੀ ਕਲੱਬ , ਗੁਰੂ ਰਾਮਦਾਸ ਕਬੱਡੀ ਕਲੱਬ ਮਾਝਾ ਤੋਂ ਇਲਾਵਾ ਹੋਰ ਨਾਮਵਰ ਕਬੱਡੀ ਕਲੱਬਾਂ ਦੇ ਖਿਡਾਰੀ ਹਿੱਸਾ ਲੈਣਗੇ। ਓਹਨਾਂ ਅੱਗੇ ਦਸਿਆ ਕੇ ਜੇਤੂ ਖਿਡਾਰੀਆਂ ਨੂੰ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ ।ਇਸ ਮੌਕੇ ਤੇ ਪ੍ਰਧਾਨ ਇੰਦਰਜੀਤ ਸਿੰਘ ਰਿੰਕੂ, ਦਲਬੀਰ ਸਿੰਘ ਬਾਊ ਪਲਵਾਨ, ਅਵਤਾਰ ਸਿੰਘ, ਸਿਮਰਨਜੀਤ ਸਿੰਘ, ਰੋਬਨ ਗਿੱਲ, ਸੰਦੀਪ ਸਿੰਘ, ਅੰਮ੍ਰਿਤ ਪਾਲ ਲੱਕੀ, ਲਵਜੀਤ ਸਿੰਘ, ਗੁਰਪ੍ਰੀਤ ਸਹੋਤਾ ਗੁਰਵਿੰਦਰ ਸਹੋਤਾ, ਹਿੰਦੂ, ਕੁਲਦੀਪ ਸਿੰਘ ਅਰਸ, ਗੁਰਸ਼ਰਨ ਸਿੰਘ, ਬਲਜੀਤ ਸਿੰਘ, ਨਿਸ਼ਾਨ ਸਿੰਘ, ਤਜਿੰਦਰ ਪਾਲ ਸਿੰਘ ਖਾਲਸਾ, ਲਾਲ ਸਿੰਘ ਪ੍ਰਧਾਨ, ਹੰਸਾ ਸਿੰਘ ਪ੍ਰਧਾਨ, ਸਨੀ, ਅਵਤਾਰ ਸਿੰਘ, ਦਲਬੀਰ ਸਿੰਘ, ਰੋਬਨ ਸਿੰਘ,ਸਿਮਰ ਆਦਿ ਹਾਜ਼ਰ ਸਨ।

# ਨਰਿੰਦਰ ਪ੍ਰਧਾਨ ਦੇ ਪਿਤਾ ਦਰਮਾਣ ਸਿੰਘ ਦੇ ਅਕਾਲ ਚਲਾਣੇ ਤੇ ਦੁੱਖ ਦਾ ਪ੍ਰਗਟਾਵਾ

ਅੰਮ੍ਰਿਤਸਰ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਪੰਜਾਬ ਸੁਬਾਰਡੀਨੇਟ ਸੇਰਵਿਸਿਜ਼ ਫੈਡਰੇਸ਼ਨ ਦੀ ਇੱਕ ਮੀਟਿੰਗ ਗੁਰਦੀਪ ਸਿੰਘ ਬਾਜਵਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਨਰਿੰਦਰ ਪ੍ਰਧਾਨ ਗੁਰੂ ਨਾਨਕ ਦੇਵ ਹਸਪਤਾਲ ਜਿਲਾ ਜਨਰਲ ਸਕੱਤਰ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਜਿਲਾ ਅੰਮ੍ਰਿਤਸਰ ਜੀ ਦੇ ਪਿਤਾ ਜੀ ਸਵਰਗੀ ਸ੍ਰੀ ਦਰਮਾਣ ਸਿੰਘ ਨੂੰ ਸਰਧਾਂਜਲੀ ਭੇਟ ਕੀਤੀ ਅਤੇ ਪ੍ਰੀਵਾਰ ਨਾਲ ਅਫਸੋਸ ਪ੍ਰਗਟ ਕੀਤਾ ਗਿਆ ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਪ੍ਰੇਮ ਚੰਦ ਅਜ਼ਾਦ ਨੇ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਕਿ ਨਰਿੰਦਰ ਪ੍ਰਧਾਨ ਜੀ ਦੇ ਪਿਤਾ ਜੀ ਦੀ ਅੰਤਿਮ ਅਰਦਾਸ ਮਿਤੀ 16 ਅਕਤੂਬਰ 2026 ਨੂੰ ਚਿਨਮਿਆ ਮਿਸ਼ਨ ਈ ਬਲਾਕ ਰਣਜੀਤ ਐਵੀਨਿਊ ਨੀਅਰ ਰੋਜ / ਅਨੰਦ ਗਾਰਡਨ ਅੰਮ੍ਰਿਤਸਰ ਵਿਖੇ ਦੁਪਹਿਰ 1 ਤੋਂ 2 ਵਜੇ ਤੱਕ ਕਰਵਾਈ ਜਾਵੇਗੀ। ਇਸ ਮੌਕੇ ਗੁਰਦੀਪ ਸਿੰਘ ਬਾਜਵਾ, ਸੁੱਚਾ ਸਿੰਘ ਟਰਪਈ ਅਤੇ ਮੰਗਲ ਸਿੰਘ ਟਾਂਡਾ ਨੇ ਸਮੂਹ ਮੁਲਾਜ਼ਮ ਸਾਥੀਆਂ ਨੂੰ ਸ਼੍ਰੀ ਦਰਮਾਣ ਸਿੰਘ ਜੀ ਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਵਿੰਦਰ ਸਿੰਘ ਭੱਟੀ, ਹਰਵਿੰਦਰ ਸਿੰਘ ਸੁਲਤਾਨਵਿੰਡ, ਬੋਬਿੰਦਰ ਸਿੰਘ, ਕਮਲਜੀਤ ਰੰਧਾਵਾ, ਰਾਜ ਬੇਦੀ ਅਨੰਦ, ਕਰਮਜੀਤ ਸਿੰਘ ਕੇ ਪੀ , ਰਵਿੰਦਰ ਰੰਧਾਵਾ, ਹਰਪ੍ਰੀਤ ਸਿੰਘ ਸੋਹੀਆਂ, ਕਮਲ ਕਨੋਜੀਆ, ਸੁਖਜਿੰਦਰ ਸਿੰਘ ਹੰਸ , ਜਤਿਨ ਸ਼ਰਮਾਂ, ਇੰਦਰਜੀਤ ਰਿਸ਼ੀ ,ਪ੍ਰੀਤਮਹਿੰਦਰ ਸਿੰਘ, ਸਤਨਾਮ ਸਿੰਘ ਜੱਸੜ , ਹੀਰਾ ਸਿੰਘ ਭੱਟੀ, ਹਰਮਨਦੀਪ ਸਿੰਘ ਭੰਗਾਲੀ , ਸਰਬਜੀਤ ਸਿੰਘ ਤਰਸਿੱਕਾ, ਅੰਗਰੇਜ਼ ਸਿੰਘ , ਗੁਰਦੀਪ ਸਿੰਘ ਸਭਰਵਾਲ , ਦਲਬੀਰ ਸਿੰਘ ਔਲਖ, ਜਗਦੀਪ ਸਿੰਘ ਟਰਪਈ , ਇੰਦਰਪ੍ਰੀਤ ਸਿੰਘ , ਰਾਜਬੀਰ ਸਿੰਘ , ਕਰਨਜੀਤ ਸਿੰਘ , ਅਮਿਤ ਕੁਮਾਰ ਸੁੰਦਰ , ਨਿਰਮਲ ਸਿੰਘ ਭੋਮਾ ਸਾਮਿਲ ਹੋਏ ।

ਆਵਾਜ਼ਿ ਕੌਮ AWAZE QAUM International Newspaper & WEB TV

### ਭਾਰਤ ਦੇ ਸਖ਼ਤ ਵਿਰੋਧ ਦੇ ਬਾਵਜੂਦ ਕੈਨੇਡਾ 'ਚ

# ਖ਼ਾਲਿਸਤਾਨੀ ਸਰਗਰਮੀਆਂ ਤੇਜ਼, ਰੈਫਰੈਂਡਮ ਵੋਟਾਂ 18 ਅਕਤੂਬਰ ਨੂੰ

**☛ ਵੋਟਿੰਗ ਤੋਂ ਪਹਿਲਾਂ ਸਿੱਖਾਂ ਵੱਲੋਂ ਸ਼ਕਤੀ ਪ੍ਰਦਰਸ਼ਨ, ਖ਼ਾਲਿਸਤਾਨੀ ਝੰਡਿਆਂ ਵਿਚਕਾਰ ਲੀਰੋ-ਲੀਰ ਹੋਇਆ ਭਾਰਤੀ ਤਿਰੰਗਾ ☛ ਨਿੱਝਰ ਕਤਲ ਕਾਂਡ ਅਤੇ ਵਿਦੇਸ਼ੀ ਦਖ਼ਲਅੰਦਾਜ਼ੀ ਦੇ ਵਿਵਾਦ ਵਿਚਾਲੇ ਖ਼ਾਲਿਸਤਾਨ ਦਾ ਮੁੱਦਾ ਮੁੜ ਭਖਿਆ, ਭਾਰਤ-ਕੈਨੇਡਾ ਸਬੰਧਾਂ 'ਤੇ ਵੀ ਉੱਠੇ ਸਵਾਲ**





**ਲੰਡਨ/ਐਡਮਿੰਟਨ, 13 ਅਕਤੂਬਰ (ਸਰਬਜੀਤ ਸਿੰਘ ਬਨੂੜ)** - ਭਾਰਤ ਸਰਕਾਰ ਵੱਲੋਂ ਖ਼ਾਲਿਸਤਾਨ ਦੀ ਮੰਗ ਪ੍ਰਤੀ ਅਪਣਾਈ ਗਈ ਸਖ਼ਤ ਨੀਤੀ, ਸਿੱਖਸ ਫਾਰ ਜਸਟਿਸ 'ਤੇ ਲਾਈਆਂ ਪਾਬੰਦੀਆਂ ਅਤੇ ਇਸ ਨਾਲ ਜੁੜੇ ਆਗੂਆਂ ਵਿਰੁੱਧ ਕੀਤੀਆਂ ਜਾ ਰਹੀਆਂ ਕਾਨੂੰਨੀ ਕਾਰਵਾਈਆਂ ਦੇ ਬਾਵਜੂਦ ਵਿਦੇਸ਼ਾਂ ਵਿੱਚ ਖ਼ਾਲਿਸਤਾਨ ਪੱਖੀ ਸਰਗਰਮੀਆਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ। ਖ਼ਾਸ ਕਰਕੇ ਕੈਨੇਡਾ ਵਿੱਚ ਲਗਾਤਾਰ ਹੋ ਰਹੀਆਂ ਰੈਲੀਆਂ, ਜਨਤਕ ਪ੍ਰਦਰਸ਼ਨਾਂ ਅਤੇ ਖ਼ਾਲਿਸਤਾਨ ਰੈਫਰੈਂਡਮ ਦੀ ਮੁਹਿੰਮ ਨੇ ਭਾਰਤ ਸਰਕਾਰ ਸਾਹਮਣੇ ਨਵੀਆਂ ਕੂਟਨੀਤਕ ਚੁਣੌਤੀਆਂ ਖੜ੍ਹੀਆਂ ਕਰ ਦਿੱਤੀਆਂ ਹਨ। ਭਾਰਤੀ ਏਜੰਸੀਆਂ ਲਈ ਵੀ ਇਹ ਸਰਗਰਮੀਆਂ ਚਿੰਤਾ ਦਾ ਵਿਸ਼ਾ ਬਣੀਆਂ ਹੋਈਆਂ ਹਨ। ਕੈਨੇਡਾ ਦੇ ਅਲਬਰਟਾ ਸੂਬੇ ਦੀ ਰਾਜਧਾਨੀ ਐਡਮਿੰਟਨ ਵਿੱਚ 18 ਅਕਤੂਬਰ ਨੂੰ ਹੋਣ ਵਾਲੇ ਖ਼ਾਲਿਸਤਾਨ ਰੈਫਰੈਂਡਮ ਤੋਂ ਪਹਿਲਾਂ ਸੈਂਕੜੇ ਕਾਰਾਂ ਦੇ ਕਾਫ਼ਲੇ ਨੇ ਸ਼ਹਿਰ ਦੀਆਂ ਸੜਕਾਂ 'ਤੇ ਖ਼ਾਲਿਸਤਾਨੀ ਝੰਡੇ ਲਹਿਰਾ ਕੇ ਇੱਕ ਵਾਰ ਫਿਰ ਸਿੱਖਾਂ ਦੇ ਸਵੈ-ਨਿਰਣੇ ਦੇ ਅਧਿਕਾਰ ਦਾ ਮੁੱਦਾ ਉਭਾਰ ਦਿੱਤਾ ਹੈ। ਇਸ ਰੈਲੀ ਨੇ ਸਿਆਸੀ ਹਲਕਿਆਂ ਵਿੱਚ ਇਹ ਸਵਾਲ ਖੜ੍ਹਾ ਕਰ ਦਿੱਤਾ ਹੈ ਕਿ ਜਿਨ੍ਹਾਂ ਰਾਜਨੀਤਿਕ ਮੰਗਾਂ ਨੂੰ ਭਾਰਤ ਅੰਦਰ ਕਾਨੂੰਨੀ ਪਾਬੰਦੀਆਂ ਅਤੇ ਸੁਰੱਖਿਆ ਦੇ ਨਜ਼ਰੀਏ ਨਾਲ ਦੇਖਿਆ ਜਾਂਦਾ ਹੈ, ਉਹੀ ਮੰਗਾਂ ਵਿਦੇਸ਼ਾਂ ਵਿੱਚ ਖੁੱਲ੍ਹੇਆਮ ਜਨਤਕ ਮੁਹਿੰਮਾਂ ਦਾ ਰੂਪ ਕਿਉਂ ਧਾਰ ਰਹੀਆਂ ਹਨ। ਐਡਮਿੰਟਨ ਵਿੱਚ ਕੱਢੀ ਗਈ ਇਸ ਕਾਰ ਰੈਲੀ ਦੌਰਾਨ ਖ਼ਾਲਿਸਤਾਨ ਦੇ ਝੰਡਿਆਂ ਨਾਲ ਕਾਰਾਂ ਦੀਆਂ ਲੰਮੀਆਂ ਕਤਾਰਾਂ ਸ਼ਹਿਰ ਦੀਆਂ ਸੜਕਾਂ ਅਤੇ ਹਾਈਵੇਅ ਤੋਂ ਲੰਘੀਆਂ। ਪ੍ਰਬੰਧਕਾਂ ਅਨੁਸਾਰ ਰੈਲੀ ਵਿੱਚ ਸੈਂਕੜੇ ਵਾਹਨਾਂ ਨੇ ਹਿੱਸਾ ਲਿਆ। ਦਿ ਮੀਡੋਜ਼ ਕਮਿਊਨਿਟੀ ਰੀਕ੍ਰੀਏਸ਼ਨ ਸੈਂਟਰ ਤੋਂ ਸ਼ੁਰੂ ਹੋਏ ਇਸ ਕਾਫ਼ਲੇ ਨੇ ਵੱਖ-ਵੱਖ ਇਲਾਕਿਆਂ ਵਿੱਚੋਂ ਲੰਘਦਿਆਂ 18 ਅਕਤੂਬਰ ਦੇ ਰੈਫਰੈਂਡਮ ਲਈ ਪ੍ਰਚਾਰ ਕੀਤਾ। ਰੈਲੀ ਰਾਹੀਂ ਖ਼ਾਲਿਸਤਾਨ ਪੱਖੀ ਧਿਰਾਂ ਨੇ ਇਹ ਸੁਨੇਹਾ ਦੇਣ ਦੀ ਕੋਸ਼ਿਸ਼ ਕੀਤੀ ਕਿ ਭਾਰਤ ਸਰਕਾਰ ਦੇ ਵਿਰੋਧ ਦੇ ਬਾਵਜੂਦ ਉਹ ਆਪਣੀ ਰਾਜਨੀਤਿਕ ਮੁਹਿੰਮ ਜਾਰੀ ਰੱਖਣਗੀਆਂ। ਇਹ ਸਰਗਰਮੀ ਅਜਿਹੇ ਸਮੇਂ ਸਾਹਮਣੇ ਆਈ ਹੈ, ਜਦੋਂ ਕੈਨੇਡਾ ਦੀ ਧਰਤੀ 'ਤੇ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ, ਸਿੱਖ ਕਾਰਕੁਨਾਂ ਨੂੰ ਮਿਲੀਆਂ ਜਾਨੋਂ ਮਾਰਨ ਦੀਆਂ ਧਮਕੀਆਂ ਅਤੇ ਭਾਰਤੀ ਏਜੰਸੀਆਂ ਦੀ ਕਥਿਤ ਭੂਮਿਕਾ ਨੂੰ ਲੈ ਕੇ ਗੰਭੀਰ ਸਵਾਲ ਉੱਠਦੇ ਰਹੇ ਹਨ। ਕੈਨੇਡੀਅਨ ਅਧਿਕਾਰੀਆਂ ਵੱਲੋਂ ਵਿਦੇਸ਼ੀ ਦਖ਼ਲਅੰਦਾਜ਼ੀ ਸਬੰਧੀ ਪ੍ਰਗਟਾਈਆਂ ਚਿੰਤਾਵਾਂ ਨੇ ਇਸ ਮਾਮਲੇ ਨੂੰ ਹੋਰ ਸੰਵੇਦਨਸ਼ੀਲ ਬਣਾ ਦਿੱਤਾ ਹੈ।



ਹਾਲਾਂਕਿ ਲਗਾਤਾਰ ਭਾਰਤ ਸਰਕਾਰ ਆਪਣੇ ਉੱਤੇ ਲੱਗੇ ਅਜਿਹੇ ਦੋਸ਼ਾਂ ਨੂੰ ਰੱਦ ਕਰਦੀ ਆਈ ਹੈ। ਐਡਮਿੰਟਨ ਦੀ ਇਹ ਰੈਲੀ ਭਾਰਤ ਸਰਕਾਰ ਦੀ ਖ਼ਾਲਿਸਤਾਨ ਵਿਰੋਧੀ ਨੀਤੀ ਅਤੇ ਵਿਦੇਸ਼ਾਂ ਵਿੱਚ ਸਿੱਖਾਂ ਦੀ ਰਾਜਨੀਤਿਕ ਲਾਮਬੰਦੀ ਵਿਚਾਲੇ ਵਧ ਰਹੇ ਟਕਰਾਅ ਦੀ ਇੱਕ ਹੋਰ ਮਿਸਾਲ ਹੈ। ਭਾਰਤ ਵਿੱਚ ਸਿੱਖਸ ਫਾਰ ਜਸਟਿਸ ਨੂੰ ਗੈ਼ਰ-ਕਾਨੂੰਨੀ ਜਥੇਬੰਦੀ ਐਲਾਨਿਆ ਗਿਆ ਹੈ ਅਤੇ ਇਸ ਦੇ ਆਗੂਆਂ ਵਿਰੁੱਧ ਕਾਨੂੰਨੀ ਕਾਰਵਾਈਆਂ ਵੀ ਕੀਤੀਆਂ ਗਈਆਂ ਹਨ, ਪਰ ਕੈਨੇਡਾ ਵਿੱਚ ਇਹ ਜਥੇਬੰਦੀ ਖ਼ਾਲਿਸਤਾਨ ਰੈਫਰੈਂਡਮ ਦੇ ਨਾਂ ਹੇਠ ਆਪਣੀਆਂ ਸਰਗਰਮੀਆਂ ਚਲਾ ਰਹੀ ਹੈ। ਇਹ ਸਥਿਤੀ ਭਾਰਤ ਅਤੇ ਕੈਨੇਡਾ ਦੇ ਕਾਨੂੰਨੀ ਅਤੇ ਰਾਜਨੀਤਿਕ ਨਜ਼ਰੀਏ ਵਿਚਲੇ ਵੱਡੇ ਅੰਤਰ ਨੂੰ ਵੀ ਸਾਹਮਣੇ ਲਿਆਉਂਦੀ ਹੈ। ਰੈਲੀ ਵਿੱਚ ਸ਼ਾਮਲ ਸਿੱਖਸ ਫਾਰ ਜਸਟਿਸ ਦੇ ਆਗੂ ਅਵਤਾਰ ਸਿੰਘ ਪੰਨੂੰ, ਨਰਿੰਦਰ ਸਿੰਘ ਰੰਧਾਵਾ, ਬਿਕਰਮਜੀਤ ਸਿੰਘ, ਭਾਈ ਇੰਦਰਜੀਤ ਸਿੰਘ ਗੋਸਲ, ਭਾਈ ਗੁਰਦਿਆਲ ਸਿੰਘ, ਭਾਈ ਮਹਿੰਦਰ ਸਿੰਘ, ਭਾਈ ਗੁਲਜਾਰ ਸਿੰਘ, ਨਿਰਮਾਣ, ਭਾਈ ਪਰਮਿੰਦਰ ਸਿੰਘ ਰੰਧਾਵਾ, ਭਾਈ ਰਾਜਵੰਤ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਲਖਬੀਰ ਸਿੰਘ ਜੌਹਲ ਅਤੇ ਹੋਰ ਪੰਥਕ ਨੁਮਾਇੰਦਿਆਂ ਨੇ 18 ਅਕਤੂਬਰ ਨੂੰ ਅਲਬਰਟਾ ਲੈਜਿਸਲੇਚਰ ਗਰਾਊਂਡਜ਼ ਵਿਖੇ ਹੋਣ ਵਾਲੀ ਵੋਟਿੰਗ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ। ਬੁਲਾਰਿਆਂ ਨੇ ਦਲੀਲ ਦਿੱਤੀ ਕਿ ਸਿੱਖਾਂ ਦੇ ਰਾਜਨੀਤਿਕ ਭਵਿੱਖ ਬਾਰੇ ਫ਼ੈਸਲਾ ਕਰਨ ਦਾ ਅਧਿਕਾਰ ਸਿੱਖਾਂ ਨੂੰ ਖ਼ੁਦ ਹੋਣਾ ਚਾਹੀਦਾ ਹੈ ਅਤੇ ਇਸ ਮੰਗ ਨੂੰ ਕੌਮਾਂਤਰੀ ਪੱਧਰ 'ਤੇ ਉਠਾਉਣਾ ਉਨ੍ਹਾਂ ਦਾ ਜਮਹੂਰੀ ਹੱਕ ਹੈ। ਇਸ ਮੌਕੇ ਸ਼ਹੀਦ ਨਿੱਜਰ ਟੀਮ ਨੇ ਤਿਰੰਗੇ ਨੂੰ ਪਾੜ ਕੇ ਲੀਰੋ ਲੀਰ ਕੀਤਾ ਗਿਆ। ਖ਼ਾਲਿਸਤਾਨ ਰੈਫਰੈਂਡਮ ਕਿਸੇ ਸਰਕਾਰ ਜਾਂ ਸੰਯੁਕਤ ਰਾਸ਼ਟਰ ਦੀ ਨਿਗਰਾਨੀ ਹੇਠ ਕਰਵਾਈ ਜਾ ਰਹੀ ਅਧਿਕਾਰਤ ਵੋਟਿੰਗ ਨਹੀਂ ਹੈ। ਫਿਲਹਾਲ 18 ਅਕਤੂਬਰ ਦੀ ਵੋਟਿੰਗ ਤੋਂ ਪਹਿਲਾਂ ਐਡਮਿੰਟਨ ਵਿੱਚ ਹੋਇਆ ਇਹ ਸ਼ਕਤੀ ਪ੍ਰਦਰਸ਼ਨ ਸਪੱਸ਼ਟ ਕਰਦਾ ਹੈ ਕਿ ਖ਼ਾਲਿਸਤਾਨ ਦਾ ਮੁੱਦਾ ਭਾਰਤ ਦੀਆਂ ਸਰਹੱਦਾਂ ਤੋਂ ਬਾਹਰ ਵੀ ਸਿਆਸੀ ਬਹਿਸ ਦਾ ਹਿੱਸਾ ਬਣਿਆ ਹੋਇਆ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਰੈਫਰੈਂਡਮ ਵਿੱਚ ਲੋਕਾਂ ਦੀ ਸ਼ਮੂਲੀਅਤ ਕਿੰਨੀ ਰਹਿੰਦੀ ਹੈ ਅਤੇ ਇਸ ਦਾ ਭਾਰਤ-ਕੈਨੇਡਾ ਸਬੰਧਾਂ ਅਤੇ ਵਿਦੇਸ਼ਾਂ ਵਿੱਚ ਸਿੱਖ ਰਾਜਨੀਤੀ 'ਤੇ ਕੀ ਅਸਰ ਪੈਂਦਾ ਹੈ। ਭਾਰਤ ਸਰਕਾਰ ਵੱਲੋਂ ਖ਼ਾਲਿਸਤਾਨ ਦੀ ਮੰਗ ਪ੍ਰਤੀ ਅਪਣਾਈ ਗਈ ਸਖ਼ਤ ਨੀਤੀ, ਸਿੱਖਸ ਫਾਰ ਜਸਟਿਸ 'ਤੇ ਲਾਈਆਂ ਪਾਬੰਦੀਆਂ ਅਤੇ ਇਸ ਨਾਲ ਜੁੜੇ ਆਗੂਆਂ ਵਿਰੁੱਧ ਕੀਤੀਆਂ ਜਾ ਰਹੀਆਂ ਕਾਨੂੰਨੀ ਕਾਰਵਾਈਆਂ ਦੇ ਬਾਵਜੂਦ ਵਿਦੇਸ਼ਾਂ ਵਿੱਚ ਖ਼ਾਲਿਸਤਾਨ ਪੱਖੀ ਸਰਗਰਮੀਆਂ ਰੁਕਣ ਦਾ ਨਾਂ ਨਹੀਂ ਲੈ ਰਹੀਆਂ। ਖ਼ਾਸ ਕਰਕੇ ਕੈਨੇਡਾ ਵਿੱਚ ਲਗਾਤਾਰ ਹੋ ਰਹੀਆਂ ਰੈਲੀਆਂ, ਜਨਤਕ ਪ੍ਰਦਰਸ਼ਨਾਂ ਅਤੇ ਖ਼ਾਲਿਸਤਾਨ ਰੈਫਰੈਂਡਮ ਦੀ ਮੁਹਿੰਮ ਨੇ ਭਾਰਤ ਸਰਕਾਰ ਸਾਹਮਣੇ ਨਵੀਆਂ ਕੂਟਨੀਤਕ ਚੁਣੌਤੀਆਂ ਖੜ੍ਹੀਆਂ ਕਰ ਦਿੱਤੀਆਂ ਹਨ। ਭਾਰਤੀ ਏਜੰਸੀਆਂ ਲਈ ਵੀ ਇਹ ਸਰਗਰਮੀਆਂ ਚਿੰਤਾ ਦਾ ਵਿਸ਼ਾ ਬਣੀਆਂ ਹੋਈਆਂ ਹਨ।

# ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਸਬੰਧੀ 18 ਅਕਤੂਬਰ ਤੋਂ ਸ਼ੁਰੂ ਹੋਣਗੀਆਂ ਸ਼ੋਭਾ ਯਾਤਰਾਵਾਂ

### 18 ਅਕਤੂਬਰ ਨੂੰ ਜਲੰਧਰ ਤੋਂ ਵਾਲਮੀਕਿ ਤੀਰਥ ਪਹੁੰਚੇਗੀ ਸ਼ੋਭਾ ਯਾਤਰਾ



ਅੰਮ੍ਰਿਤਸਰ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਪੰਜਾਬ ਸਰਕਾਰ ਵੱਲੋਂ ਭਗਵਾਨ ਵਾਲਮੀਕਿ ਜੀ ਦੇ ਪ੍ਰਗਟ ਦਿਵਸ ਸਬੰਧੀ 26 ਅਕਤੂਬਰ ਨੂੰ ਭਗਵਾਨ ਮਹਾਰਿਸ਼ੀ ਵਾਲਮੀਕਿ ਤੀਰਥ (ਰਾਮ ਤੀਰਥ) ਵਿਖੇ ਰਾਜ ਪੱਧਰੀ ਸਮਾਗਮ ਕਰਵਾਇਆ ਜਾਵੇਗਾ। ਪ੍ਰਗਟ ਦਿਵਸ ਸਬੰਧੀ 18 ਅਕਤੂਬਰ ਨੂੰ ਜਲੰਧਰ ਤੋਂ ਇੱਕ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾਵੇਗੀ ਜਿਸ ਵਿੱਚ ਲਗਭਗ 35 ਤੋਂ 40 ਹਜ਼ਾਰ ਦੀ ਗਿਣਤੀ ਵਿੱਚ ਸੰਗਤਾਂ ਭਗਵਾਨ ਸ੍ਰੀ ਵਾਲਮੀਕਿ ਤੀਰਥ ਸਥੱਲ ਵਿਖੇ ਪਹੁੰਚਣਗੀਆਂ। ਇਸ ਤੋਂ ਬਾਅਦ 22 ਅਕਤੂਬਰ ਨੂੰ ਭਗਵਾਨ ਵਾਲਮੀਕਿ ਤੀਰਥ ਸਥੱਲ ਤੋਂ ਅੰਮ੍ਰਿਤਸਰ ਸ਼ਹਿਰ ਵਿੱਚ ਸ਼ੋਭਾ ਯਾਤਰਾ ਕੱਢੀ ਜਾਵੇਗੀ, ਜਦਕਿ 24 ਅਕਤੂਬਰ ਨੂੰ ਕੇਂਦਰੀ ਵਾਲਮੀਕਿ ਮੰਦਿਰ, ਹਾਥੀ ਗੇਟ, ਅੰਮ੍ਰਿਤਸਰ ਤੋਂ ਅੰਦਰੂਨ ਸ਼ਹਿਰ ਵਿੱਚ ਸ਼ੋਭਾ ਯਾਤਰਾ ਕੱਢੀ ਜਾਵੇਗੀ। ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦੇ ਪ੍ਰਗਟ ਦਿਹਾੜੇ ਅਤੇ ਇਸ ਪਾਵਨ ਅਵਸਰ ਮੌਕੇ ਕੱਢੀਆਂ ਜਾਣ ਵਾਲੀਆਂ ਸ਼ੋਭਾ ਯਾਤਰਾਵਾਂ ਦੀਆਂ ਤਿਆਰੀਆਂ ਸਬੰਧੀ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਅਤੇ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਗਵਾਨ ਮਹਾਰਿਸ਼ੀ ਵਾਲਮੀਕਿ ਜੀ ਦੇ ਪ੍ਰਗਟ ਦਿਹਾੜੇ ਨੂੰ ਪੂਰੇ ਉਤਸ਼ਾਹ ਨਾਲ ਮਨਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਸੰਗਤਾਂ ਦੀ ਟਹਿਲ ਸੇਵਾ ਲਈ ਵਿਸ਼ੇਸ਼ ਇੰਤਜ਼ਾਮ ਕੀਤੇ ਜਾਣਗੇ। ਇਸ ਮੌਕੇ ਜਲੰਧਰ ਤੋਂ ਪਹੁੰਚੇ ਵਾਲਮੀਕਿ ਭਾਈਚਾਰੇ ਦੇ ਆਗੂ ਸ੍ਰੀ ਵਿਪਨ ਸੱਭਰਵਾਲ ਨੇ ਕਿਹਾ ਕਿ 18 ਅਕਤੂਬਰ ਨੂੰ ਸਵੇਰੇ ਸ਼ੋਭਾ ਯਾਤਰਾ ਜਲੰਧਰ ਤੋਂ ਰਵਾਨਾ ਹੋਵੇਗੀ ਜੋ ਸ਼ਾਮ ਨੂੰ ਗੋਲਡਨ ਗੇਟ ਅੰਮ੍ਰਿਤਸਰ ਪਹੁੰਚੇਗੀ ਜਿੱਥੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸੰਗਤ ਵੱਲੋਂ ਭਰਵਾਂ ਸਵਾਗਤ ਕੀਤਾ ਜਾਵੇਗਾ। ਇਸ ਉਪਰੰਤ ਸ਼ੋਭਾ ਯਾਤਰਾ ਸ੍ਰੀ ਵਾਲਮੀਕਿ ਤੀਰਥ ਵਿਖੇ ਪਹੁੰਚ ਕੇ ਸਮਾਪਤ ਹੋਵੇਗੀ। ਮੀਟਿੰਗ ਦੌਰਾਨ ਐੱਸ.ਡੀ.ਐੱਮ. ਲੋਪੋਕੇ ਸ. ਮਨਬੀਰ ਸਿੰਘ, ਜੀ.ਐੱਮ. ਸ੍ਰੀ ਮਧੁਰ ਭਾਟੀਆ, ਜ਼ਿਲ੍ਹਾ ਸੈਰ-ਸਪਾਟਾ ਅਫ਼ਸਰ ਸ. ਸੁਖਮਨ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਅੰਮ੍ਰਿਤਸਰ ਵਿਕਾਸ ਅਥਾਰਟੀ ਵੱਲੋਂ ਦੋ ਅਣਅਧਿਕਾਰਤ ਕਲੋਨੀਆਂ ਖ਼ਿਲਾਫ਼ ਕਾਰਵਾਈ, ਢਾਹੀਆਂ ਗਈਆਂ ਨਾਜਾਇਜ਼ ਉਸਾਰੀਆਂ




ਅੰਮ੍ਰਿਤਸਰ, 13 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਤੇ ਅੰਮ੍ਰਿਤਸਰ ਵਿਕਾਸ ਅਥਾਰਟੀ (ਏ.ਡੀ.ਏ.), ਪੁੱਡਾ ਦੇ ਮੁੱਖ ਪ੍ਰਸ਼ਾਸਕ ਸ੍ਰੀ ਨਿਤੇਸ਼ ਕੁਮਾਰ ਜੈਨ, ਆਈ.ਏ.ਐੱਸ. ਅਤੇ ਵਧੀਕ ਮੁੱਖ ਪ੍ਰਸ਼ਾਸਕ ਸ੍ਰੀ ਇਨਾਯਤ, ਪੀ.ਸੀ.ਐੱਸ. ਦੇ ਹੁਕਮਾਂ ਦੀ ਪਾਲਣਾ ਕਰਦਿਆਂ ਏ.ਡੀ.ਏ. ਦੇ ਜ਼ਿਲ੍ਹਾ ਨਗਰ ਯੋਜਨਾਕਾਰ (ਰੈਗੂਲੇਟਰੀ) ਵਿੰਗ ਵੱਲੋਂ ਅੱਜ ਦੋ ਅਣਅਧਿਕਾਰਤ ਕਲੋਨੀਆਂ ਖ਼ਿਲਾਫ਼ ਕਾਰਵਾਈ ਕਰਦਿਆਂ ਉਨ੍ਹਾਂ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਅਤੇ ਨਾਜਾਇਜ਼ ਉਸਾਰੀਆਂ ਨੂੰ ਢਾਹ ਦਿੱਤਾ ਗਿਆ। ਜ਼ਿਲ੍ਹਾ ਨਗਰ ਯੋਜਨਾਕਾਰ (ਰੈਗੂਲੇਟਰੀ) ਦੀ ਅਗਵਾਈ ਹੇਠ ਕੀਤੀ ਗਈ ਇਸ ਕਾਰਵਾਈ ਦੌਰਾਨ ਥਾਣਾ ਬਿਆਸ ਅਤੇ ਥਾਣਾ ਮਹਿਤਾ ਦੇ ਪੁਲਿਸ ਅਧਿਕਾਰੀ ਅਤੇ ਡਿਊਟੀ ਮੈਜਿਸਟ੍ਰੇਟ ਵੀ ਮੌਜੂਦ ਸਨ। ਇਹ ਕਾਰਵਾਈ ਮਹਿਤਾ ਰੋਡ 'ਤੇ ਸਥਿਤ ਪਿੰਡ ਮਹਿਤਾ ਵਿਖੇ ਵਿਕਸਿਤ ਕੀਤੀ ਜਾ ਰਹੀ ਇੱਕ ਅਣਅਧਿਕਾਰਤ ਕਲੋਨੀ ਅਤੇ ਪਿੰਡ ਵਜ਼ੀਰ ਭੁੱਲਰ ਵਿਖੇ 'ਰੋਇਲ ਸਿਟੀ' ਦੇ ਨਾਮ ਹੇਠ ਵਿਕਸਿਤ ਕੀਤੀ ਜਾ ਰਹੀ ਦੂਜੀ ਅਣਅਧਿਕਾਰਤ ਕਲੋਨੀ ਵਿਰੁੱਧ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨਗਰ ਯੋਜਨਾਕਾਰ ਨੇ ਦੱਸਿਆ ਕਿ ਭਵਿੱਖ ਵਿੱਚ ਸ਼ਹਿਰੀ ਅਤੇ ਖੇਤਰੀ ਵਿਕਾਸ ਨੂੰ ਨਿਯਮਾਂ ਅਨੁਸਾਰ ਯਕੀਨੀ ਬਣਾਉਣ ਅਤੇ ਅਣਅਧਿਕਾਰਤ ਕਲੋਨੀਆਂ ਦੇ ਵਿਕਾਸ ਨੂੰ ਰੋਕਣ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕਾਰਵਾਈ ਕੀਤੀ ਜਾ ਰਹੀ ਹੈ। ਪਿੰਡ ਮਹਿਤਾ ਅਤੇ ਪਿੰਡ ਵਜ਼ੀਰ ਭੁੱਲਰ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਇਨ੍ਹਾਂ ਕਲੋਨੀਆਂ ਦੇ ਸਬੰਧ ਵਿੱਚ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ (ਪਾਪਰਾ), 1995 ਤਹਿਤ ਨੋਟਿਸ ਜਾਰੀ ਕਰਕੇ ਵਿਕਾਸ ਕਾਰਜ ਬੰਦ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਦੇ ਬਾਵਜੂਦ ਨਿਯਮਾਂ ਦੀ ਪਾਲਣਾ ਨਾ ਕੀਤੇ ਜਾਣ ਕਾਰਨ 13 ਅਕਤੂਬਰ, 2026 ਨੂੰ ਇਨ੍ਹਾਂ ਖ਼ਿਲਾਫ਼ ਢਾਹੁਣ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਜ਼ਿਲ੍ਹਾ ਨਗਰ ਯੋਜਨਾਕਾਰ ਨੇ ਇਹ ਵੀ ਸਪੱਸ਼ਟ ਕੀਤਾ ਕਿ ਪਾਪਰਾ ਐਕਟ, 1995 ਵਿੱਚ ਸਾਲ 2024 ਦੌਰਾਨ ਕੀਤੀਆਂ ਸੋਧਾਂ ਅਨੁਸਾਰ ਅਣਅਧਿਕਾਰਤ ਕਲੋਨੀਆਂ ਵਿਕਸਿਤ ਕਰਨ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਕਾਨੂੰਨੀ ਵਿਵਸਥਾਵਾਂ ਅਨੁਸਾਰ ਅਜਿਹੇ ਮਾਮਲਿਆਂ ਵਿੱਚ ਪੰਜ ਤੋਂ ਦਸ ਸਾਲ ਤੱਕ ਦੀ ਕੈਦ ਅਤੇ 25 ਲੱਖ ਰੁਪਏ ਤੋਂ ਪੰਜ ਕਰੋੜ ਰੁਪਏ ਤੱਕ ਦੇ ਜੁਰਮਾਨੇ ਦੀ ਵਿਵਸਥਾ ਹੈ। ਇਨ੍ਹਾਂ ਕਲੋਨੀਆਂ ਨਾਲ ਸਬੰਧਤ ਜ਼ਮੀਨ ਦੇ ਮਾਲਕਾਂ ਅਤੇ ਕਲੋਨੀਆਂ ਵਿਕਸਿਤ ਕਰਨ ਵਾਲਿਆਂ ਵਿਰੁੱਧ ਲੋੜੀਂਦੀ ਕਾਨੂੰਨੀ ਕਾਰਵਾਈ ਕਰਨ ਲਈ ਮਾਲ ਰਿਕਾਰਡ ਦੇ ਆਧਾਰ 'ਤੇ ਪੁਲਿਸ ਵਿਭਾਗ ਨੂੰ ਵੀ ਲਿਖਿਆ ਜਾ ਰਿਹਾ ਹੈ।